ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7l

awazeqaumtvpunjab@gmail.com

ਸ਼ੁੱਕਰਵਾਰ, 24 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੯ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ
ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ
ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ
ਆਰਗੇਨਾਈਜ਼ਰ
ਟੈਲੀਫ਼ੋਨ: 07771608 363
ਈ-ਮੇਲ: PSBAL46@gmail.com

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 24 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੯ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਪੰਜਾਬ ਸਿਰ ਹੋਰ ਭਾਰੀ ਹੋਵੇਗੀ ਕਰਜ਼ੇ ਦੀ ਪੰਡ !13,000 ਕਰੋੜ ਰੁਪਏ ਦਾ ਨਵਾਂ ਕਰਜ਼ਾ ਲੈਣ ਦੀ ਤਿਆਰੀ 'ਚ ਸਰਕਾਰ

**ਚੰਡੀਗੜ੍ਹ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਸਰਕਾਰ 'ਤੇ ਕਰਜ਼ ਦੀ ਪੰਡ ਹੋਰ ਵੀ ਭਾਰੀ ਹੁੰਦੀ ਹੋਈ ਨਜ਼ਰ ਆ ਰਹੀ ਹੈ, ਦਰਅਸਲ ਲਗਾਤਾਰ ਲਏ ਜਾ ਰਹੇ ਕਰਜ਼ ਕਾਰਨ ਪੰਜਾਬ 'ਤੇ ਕਰਜ਼ਾ ਵਧਦਾ ਜਾ ਰਿਹਾ ਹੈ। ਇਸੇ ਦੇ ਚੱਲਦੇ ਵਧਦੇ ਕਰਜ਼ ਨੂੰ ਲੈ ਕੇ ਵਧ ਰਹੀਆਂ ਚਿੰਤਾਵਾਂ ਦੇ ਵਿਚਾਲੇ ਪੰਜਾਬ ਸਰਕਾਰ ਜੁਲਾਈ ਅਤੇ ਸਤੰਬਰ 2026 ਦੇ ਵਿਚਕਾਰ ਬਾਜ਼ਾਰ ਤੋਂ 13,000 ਕਰੋੜ ਰੁਪਏ ਦਾ ਕਰਜ਼ ਲੈਣ ਦੀ ਯੋਜਨਾ ਬਣਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਿਕ ਸਰਕਾਰ ਜੁਲਾਈ ਵਿੱਚ 5,500 ਕਰੋੜ ਰੁਪਏ, ਅਗਸਤ ਵਿੱਚ 3,500 ਕਰੋੜ ਰੁਪਏ ਅਤੇ ਸਤੰਬਰ ਵਿੱਚ 4,000 ਕਰੋੜ ਰੁਪਏ ਕਰਜ਼ ਲਵੇਗੀ। ਹੁਣ ਤੱਕ, ਜੁਲਾਈ ਵਿੱਚ 3,000 ਕਰੋੜ ਰੁਪਏ ਕਰਜ਼ ਲਏ ਗਏ ਹਨ, ਜਿਸਦੀ ਅਗਲੀ ਕਿਸ਼ਤ ਅਗਲੇ ਹਫ਼ਤੇ ਜਾਰੀ ਕੀਤੀ ਜਾਵੇਗੀ। ਇਸ ਯੋਜਨਾ ਦੇ ਨਾਲ, ਅਪ੍ਰੈਲ ਅਤੇ ਸਤੰਬਰ ਦੇ ਵਿਚਕਾਰ ਰਾਜ ਦਾ ਕੁੱਲ ਕਰਜ਼ਾ 18,142 ਕਰੋੜ ਰੁਪਏ ਤੱਕ ਪਹੁੰਚ ਜਾਵੇਗਾ। 2026-27 ਵਿੱਤੀ ਸਾਲ ਵਿੱਚ ਰਾਜ ਦਾ ਕੁੱਲ ਸ਼ੁੱਧ ਉਧਾਰ 39,970.65 ਕਰੋੜ ਰੁਪਏ ਹੋਣ ਦਾ ਅਨੁਮਾਨ ਹੈ। ਨਤੀਜੇ ਵਜੋਂ, ਵਿੱਤੀ ਸਾਲ ਦੇ ਅੰਤ ਤੱਕ ਪੰਜਾਬ ਦਾ ਕੁੱਲ ਬਕਾਇਆ ਕਰਜ਼ਾ 4.47 ਲੱਖ ਕਰੋੜ ਰੁਪਏ ਤੱਕ ਪਹੁੰਚਣ ਦੀ ਉਮੀਦ ਹੈ। ਮਾਹਿਰਾਂ ਅਨੁਸਾਰ, ਵਧਦਾ ਸਬਸਿਡੀ ਦਾ ਬੋਝ, ਮੁਫ਼ਤ ਸਕੀਮਾਂ, ਔਰਤਾਂ ਨੂੰ 1,000 ਰੁਪਏ ਮਹੀਨਾਵਾਰ ਸਹਾਇਤਾ ਅਤੇ ਮੁਫ਼ਤ ਯਾਤਰਾ ਸਕੀਮਾਂ ਨੂੰ ਸੂਬੇ ਦੇ ਕਰਜ਼ੇ ਵਿੱਚ ਲਗਾਤਾਰ ਵਾਧੇ ਦੇ ਮੁੱਖ ਕਾਰਨ ਮੰਨਿਆ ਜਾ ਰਿਹਾ ਹੈ।

## ਦਿੱਲੀ ਪੁਲਸ ਨੇ ਸਾਫ ਕੀਤੀ ਸਥਿਤੀ

# ਪ੍ਰਦਰਸ਼ਨਕਾਰੀਆਂ 'ਤੇ ਲੱਗੇਗਾ NSA !

**ਨਵੀਂ ਦਿੱਲੀ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਦਿੱਲੀ ਪੁਲਸ ਨੂੰ ਰਾਸ਼ਟਰੀ ਸੁਰੱਖਿਆ ਕਾਨੂੰਨ ਅਧੀਨ ਦਿੱਤੀਆਂ ਗਈਆਂ ਵਿਸ਼ੇਸ਼ ਸ਼ਕਤੀਆਂ ਦੀ ਮਿਆਦ 18 ਅਕਤੂਬਰ ਤੱਕ ਵਧਾ ਦਿੱਤੀ ਹੈ। ਇਸ ਕਾਨੂੰਨ ਤਹਿਤ ਪੁਲਸ ਸ਼ੱਕੀ ਵਿਅਕਤੀ ਨੂੰ ਬਿਨਾਂ ਅਦਾਲਤ 'ਚ ਪੇਸ਼ ਕੀਤੇ ਸਿੱਧਾ ਹਿਰਾਸਤ ਵਿੱਚ ਲੈ ਸਕਦੀ ਹੈ। ਦਿੱਲੀ ਪ੍ਰਸ਼ਾਸਨ ਦੇ ਇਸ ਫ਼ੈਸਲੇ ਮਗਰੋਂ ਸੋਸ਼ਲ ਮੀਡੀਆ 'ਤੇ ਇਹ ਚਰਚਾਵਾਂ ਤੇਜ਼ ਹੋ ਗਈਆਂ ਹਨ ਕਿ NSA ਦੀਆਂ ਸ਼ਕਤੀਆਂ 'ਚ ਇਹ ਵਾਧਾ CJP ਦੇ ਪ੍ਰਦਰਸ਼ਨਾਂ ਕਾਰਨ ਲਿਆ ਗਿਆ ਹੈ। ਵਾਇਰਲ ਹੋ ਰਹੀਆਂ ਇਨ੍ਹਾਂ ਪੋਸਟਾਂ ਵਿਚਾਲੇ ਦਿੱਲੀ ਪੁਲਸ ਨੇ ਇਕ ਬਿਆਨ ਜਾਰੀ ਕਰ ਕੇ ਸਾਫ਼ ਕੀਤਾ ਹੈ ਕਿ ਇਸ ਫ਼ੈਸਲੇ ਦਾ 'ਕੌਕਰੋਚ ਜਨਤਾ ਪਾਰਟੀ' (CJP) ਦੇ ਵਿਰੋਧ ਪ੍ਰਦਰਸ਼ਨ ਨਾਲ ਕੋਈ ਲੈਣਾ-ਦੇਣਾ ਨਹੀਂ ਹੈ।



ਦਿੱਲੀ ਪੁਲਸ ਅਨੁਸਾਰ, NSA ਦੀਆਂ ਇਹ ਸ਼ਕਤੀਆਂ ਹਰ 3 ਮਹੀਨੇ ਬਾਅਦ ਵਧਾਈਆਂ ਜਾਂਦੀਆਂ ਹਨ। NSA ਦੀਆਂ ਸ਼ਕਤੀਆਂ 'ਚ ਵਾਧੇ ਦੀ ਇਹ ਮਨਜ਼ੂਰੀ 7 ਜੁਲਾਈ ਨੂੰ ਹੀ ਦੇ ਦਿੱਤੀ ਗਈ ਸੀ, ਜੋ 19 ਜੁਲਾਈ ਤੋਂ ਲਾਗੂ ਹੋ ਕੇ 18 ਅਕਤੂਬਰ ਤੱਕ ਰਹੇਗੀ। ਇਸ ਲਈ ਇਸ ਨੂੰ ਪ੍ਰਦਰਸ਼ਨਾਂ ਨਾਲ ਜੋੜਨਾ ਗਲਤ ਹੈ। NSA ਕਾਨੂੰਨ ਤਹਿਤ ਸਰਕਾਰ ਜਾਂ ਪੁਲਸ ਅਜਿਹੇ ਵਿਅਕਤੀ ਨੂੰ 3 ਤੋਂ 12 ਮਹੀਨਿਆਂ ਤੱਕ ਹਿਰਾਸਤ ਵਿੱਚ ਰੱਖ ਸਕਦੀ ਹੈ, ਜਿਸ ਤੋਂ ਦੇਸ਼ ਦੀ ਸ਼ਾਂਤੀ ਜਾਂ ਸੁਰੱਖਿਆ ਨੂੰ ਖ਼ਤਰਾ ਹੋਵੇ। ਇਹ ਹਿਰਾਸਤ ਅਦਾਲਤੀ ਗ੍ਰਿਫ਼ਤਾਰੀ ਤੋਂ ਵੱਖਰੀ ਹੁੰਦੀ ਹੈ। ਅਜਿਹੇ 'ਚ ਇਸ ਵਾਧੇ ਨੂੰ ਪ੍ਰਦਰਸ਼ਨਾਂ ਨਾਲ ਜੋੜਨਾ ਵੱਡੇ ਪੱਧਰ 'ਤੇ ਵਿਵਾਦ ਖੜ੍ਹਾ ਕਰ ਸਕਦਾ ਹੈ। ਜ਼ਿਕਰਯੋਗ ਹੈ ਕਿ CJP ਪਾਰਟੀ ਨੀਟ ਪੇਪਰ ਲੀਕ ਮਾਮਲੇ ਨੂੰ ਲੈ ਕੇ 20 ਜੂਨ ਤੋਂ ਜੰਤਰ-ਮੰਤਰ 'ਤੇ ਧਰਨਾ ਦੇ ਰਹੀ ਹੈ ਅਤੇ ਕੇਂਦਰੀ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਮੰਗ ਕਰ ਰਹੀ ਹੈ। ਬੀਤੇ ਸੋਮਵਾਰ ਨੂੰ ਉਨ੍ਹਾਂ ਦੇ ਸ਼ਾਂਤੀਪੂਰਨ 'ਸੰਸਦ ਮਾਰਚ' ਦੌਰਾਨ ਹਿੰਸਾ ਹੋ ਗਈ ਸੀ, ਜਿਸ ਦੌਰਾਨ ਕਈ ਪੁਲਸ ਮੁਲਾਜ਼ਮ ਅਤੇ ਪ੍ਰਦਰਸ਼ਨਕਾਰੀ ਜ਼ਖਮੀ ਹੋਏ ਸਨ। ਇਸੇ ਦੌਰਾਨ CJP ਨੇ ਭਲਕੇ, ਭਾਵ ਸ਼ੁੱਕਰਵਾਰ ਨੂੰ ਦੇਸ਼ ਭਰ ਦੇ ਵਿਦਿਆਰਥੀਆਂ ਨੂੰ ਪ੍ਰਦਰਸ਼ਨ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

## ਚੰਡੀਗੜ੍ਹ-ਲੁਧਿਆਣਾ ਸਣੇ 5 ਥਾਵਾਂ 'ਤੇ ਸੀਬੀਆਈ ਦੀ ਰੇਡ

**ਚੰਡੀਗੜ੍ਹ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਸਮਾਰਟ ਸਿਟੀ ਲਿਮਟਿਡ (ਸੀ. ਐੱਸ. ਸੀ. ਐੱਲ.) ਅਤੇ ਚੰਡੀਗੜ੍ਹ ਨਗਰ ਨਿਗਮ ਦੇ ਬੈਂਕ ਖ਼ਾਤਿਆਂ ਤੋਂ ਪੈਸਿਆਂ ਦੇ ਹੇਰਾਫੇਰੀ ਦੇ ਮਾਮਲੇ 'ਚ ਸੀ. ਬੀ. ਆਈ. ਨੇ ਵੱਡੀ ਕਾਰਵਾਈ ਕੀਤੀ ਹੈ। ਸੀ. ਬੀ. ਆਈ. ਨੇ ਵੀਰਵਾਰ ਨੂੰ ਚੰਡੀਗੜ੍ਹ ਅਤੇ ਲੁਧਿਆਣਾ ਦੇ ਕੁੱਲ 5 ਟਿਕਾਣਿਆਂ 'ਤੇ ਇਕੱਠੀ ਛਾਪੇਮਾਰੀ ਕੀਤੀ। ਜਿਨ੍ਹਾਂ ਟਿਕਾਣਿਆਂ 'ਤੇ ਛਾਪਾ ਮਾਰਿਆ ਗਿਆ, ਉਨ੍ਹਾਂ 'ਚ ਸੀ. ਐੱਸ. ਸੀ. ਐੱਲ ਦੇ ਮੁਲਾਜ਼ਮ ਰਹੇ ਅਨੁਭਵ ਮਿਸ਼ਰਾ ਦੇ ਫਰਜ਼ੀ ਲੈਣ-ਦੇਣ ਦਾ ਲਾਭ ਲੈਣ ਵਾਲੇ ਸ਼ੱਕੀਆਂ ਦੀਆਂ ਰਿਹਾਇਸ਼ਾਂ, ਉਨ੍ਹਾਂ ਦੇ ਕਾਰੋਬਾਰੀ ਟਿਕਾਣਿਆਂ ਅਤੇ ਜਾਂਚ ਨਾਲ ਜੁੜੀਆਂ ਨਿੱਜੀ ਕੰਪਨੀਆਂ ਸ਼ਾਮਲ ਹਨ।




ਸੀ. ਬੀ. ਆਈ. ਦੀਆਂ ਟੀਮਾਂ ਨੇ ਰੇਡ ਦੌਰਾਨ ਕਈ ਅਹਿਮ ਦਸਤਾਵੇਜ਼ ਅਤੇ ਇਲੈਕਟ੍ਰਾਨਕ ਉਪਕਰਨ ਜ਼ਬਤ ਕੀਤੇ ਹਨ। ਇਨ੍ਹਾਂ 'ਚ ਸਟੋਰੇਜ ਡਿਵਾਈਸ, ਡਿਜੀਟਲ ਸਿਗਨੈਚਰ ਅਤੇ ਕਈ ਇਲੈਕਟ੍ਰਾਨਿਕ ਡਿਵਾਈਜ਼, ਜਾਇਦਾਦ ਨਾਲ ਜੁੜੇ ਕਾਗਜ਼ਾਤ ਅਤੇ ਬੈਂਕ ਅਤੇ ਪੈਸਿਆਂ ਦੇ ਲੈਣ-ਦੇਣ ਦੇ ਰਿਕਾਰਡ ਸ਼ਾਮਲ ਹਨ। ਜ਼ਬਤ ਕੀਤੇ ਗਏ ਸਾਰੇ ਡਿਜੀਟਲ ਅਤੇ ਕਾਗਜ਼ੀ ਰਿਕਾਰਡਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਇਹ ਪੂਰਾ ਮਾਮਲਾ ਆਈ. ਡੀ. ਐੱਸ. ਸੀ. ਫਰਸਟ ਬੈਂਕ (ਸੈਕਟਰ-32, ਚੰਡੀਗੜ੍ਹ) ਨਾਲ ਜੁੜਿਆ ਇਕ ਬਹੁਤ ਵੱਡਾ ਬੈਂਕਿੰਗ ਫਰਾਡ ਹੈ।

## ਕੀ ਔਰਤਾਂ ਨੂੰ ਹੁਣ ਨਹੀਂ ਮਿਲਣਗੇ 3000-4500 ਰੁਪਏ ? ਹਾਈਕੋਰਟ ਵੱਲੋਂ 'ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ' ਨੂੰ ਲੱਗਿਆ ਵੱਡਾ ਝਟਕਾ

**ਚੰਡੀਗੜ੍ਹ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੀ ਮੁੱਖ ਮੰਤਰੀ ਮਾਂਵਾਂ ਧੀਆਂ ਸਤਿਕਾਰ ਯੋਜਨਾ ਨੂੰ ਹਾਈਕੋਰਟ ਤੋਂ ਵੱਡਾ ਝਟਕਾ ਲੱਗਿਆ ਹੈ। ਦੱਸ ਦਈਏ ਕਿ ਪੰਜਾਬ 'ਤੇ ਹਰਿਆਣਾ ਹਾਈਕੋਰਟ ਨੇ ਮਾਵਾਂ ਧੀਆਂ ਸਤਿਕਾਰ ਯੋਜਨਾ ਲਈ ਦਿੱਤੇ ਜਾ ਰਹੇ ਫੰਡ 'ਤੇ ਰੋਕ ਲਗਾ ਦਿੱਤਾ ਗਈ ਹੈ। ਦੱਸ ਦਈਏ ਕਿ ਹਾਈਕੋਰਟ ਨੇ ਸੁਣਵਾਈ ਦਾਇਰ ਪਟੀਸ਼ਨ 'ਤੇ ਕੀਤੀ ਗਈ ਹੈ। ਦੱਸ ਦਈਏ ਕਿ ਪੰਜਾਬ ਬਿਲਡਿੰਗ ਤੇ ਕੰਸਟ੍ਰਕਸ਼ਨ ਵਰਕਰ ਭਲਾਈ ਬੋਰਡ ਦੇ ਫੰਡ 'ਚੋਂ ਰਾਸ਼ੀ ਦਿੱਤੀ ਗਈ ਸੀ। ਪਟੀਸ਼ਨਕਰਤਾ ਨੇ ਕਿਹਾ ਕਿ ਇਹ ਬੋਰਡ ਜਿਸਨੇ ਇਹ ਰਾਸ਼ੀ ਜਾਰੀ ਕੀਤੀ ਹੈ ਉਹ 1996 ਦੇ ਐਕਟ ਦੇ ਤਹਿਤ ਬਣਿਆ ਸੀ,. ਜਦਕਿ




ਬਾਅਦ 'ਚ ਸਮਾਜਿਕ ਸੁਰੱਖਿਆ ਕੋਡ 2020 'ਚ ਮਿਲਾ ਕਰ ਪਿਛਲੇ ਸਾਲ 21 ਨਵੰਬਰ ਨੂੰ ਇਸ ਨੂੰ ਨੋਟੀਫਾਈ ਵੀ ਕੀਤਾ ਜਾ ਚੁੱਕਿਆ ਹੈ। ਅਜਿਹੇ 'ਚ ਇਹ ਬੋਰਡ ਹੀ ਹੁਣ ਪੂਰੀ ਤਰ੍ਹਾਂ ਗੈਰ ਕਾਨੂੰਨੀ ਹੋ ਚੁੱਕਿਆ ਹੈ ਤਾਂ ਉਸਦੇ ਜ਼ਰੀਏ ਫੰਡ ਟ੍ਰਾਂਸਫਰ ਕੀਤਾ ਜਾਣਾ ਵੀ ਗਲਤ ਹੈ। ਇਸ 'ਤੇ ਰੋਕ ਲਗਾਉਣ ਅਤੇ ਇਸ ਬੋਰਡ ਨੂੰ ਰੱਦ ਕਰਨ ਦੀ ਹਾਈਕੋਰਟ ਤੋਂ ਮੰਗ ਕੀਤੀ ਗਈ ਹੈ। ਫਿਲਹਾਲ ਅੱਜ, ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ, ਕਾਰਜਕਾਰੀ ਚੀਫ਼ ਜਸਟਿਸ ਦੇ ਬੈਂਚ ਨੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ, ਅਤੇ ਕਿਸੇ ਹੋਰ ਯੋਜਨਾ ਲਈ ਇਸ ਬੋਰਡ ਰਾਹੀਂ ਹੋਰ ਫੰਡ ਟ੍ਰਾਂਸਫਰ ਕਰਨ 'ਤੇ ਵੀ ਪਾਬੰਦੀ ਲਗਾ ਦਿੱਤੀ।

**ਲਾਪਤਾ 9 ਕੁੜੀਆਂ ਦੇ ਮਾਮਲੇ 'ਚ ਹਾਈਕੋਰਟ ਨੇ ਲਿਆ ਸੂ-ਮੋਟੋ, ਪੰਜਾਬ ਸਰਕਾਰ ਤੇ ਡੀਸੀ ਤੋਂ ਰਿਪੋਰਟ ਤਲਬ** : ਲੁਧਿਆਣਾ ਜ਼ਿਲ੍ਹੇ ਵਿੱਚ ਪਿਛਲੇ ਕੁੱਝ ਦਿਨ ਪਹਿਲਾਂ 48 ਘੰਟਿਆਂ ਦੇ ਅੰਦਰ 9 ਕੁੜੀਆਂ ਲਾਪਤਾ ਹੋਈਆਂ ਸਨ। ਹੁਣ ਪੰਜਾਬ-ਹਰਿਆਣਾ ਹਾਈਕੋਰਟ ਨੇ ਇਸ ਮਾਮਲੇ ਵਿੱਚ ਸੂਮੋਟੋ ਲੈਂਦੇ ਹੋਏ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਹਾਈਕੋਰਟ ਨੇ ਜਵਾਬ ਮੰਗਿਆ ਹੋਇਆ ਹੈ। ਹਾਈਕੋਰਟ ਨੇ 9 ਕੁੜੀਆਂ ਲਾਪਤਾ ਮਾਮਲੇ ਵਿੱਚ ਸੂਮੋਟੋ ਲੈਂਦਿਆਂ ਸਰਕਾਰ ਅਤੇ ਡੀਸੀ ਤੋਂ 10 ਦਿਨਾਂ ਦੇ ਅੰਦਰ ਰਿਪੋਰਟ ਮੰਗੀ ਹੋਈ ਹੈ। ਇਸ ਸਬੰਧੀ ਜਦੋਂ ਲੁਧਿਆਣਾ ਡੀਸੀ ਹਿਮਾਂਸ਼ੂ ਜੈਨ ਦੇ ਨਾਲ ਗੱਲਬਾਤ ਕੀਤੀ ਗਈ, ਤਾਂ ਉਹਨਾਂ ਨੇ ਦੱਸਿਆ 10 ਲਾਪਤਾ ਕੁੜੀਆਂ ਦੇ ਵਿੱਚੋਂ 8 ਕੁੜੀਆਂ ਨੂੰ ਟਰੇਸ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਵਿੱਚ 7 ਐਫਆਈਆਰ ਦਰਜ ਕੀਤੀਆਂ ਗਈਆਂ ਸਨ। ਇਨ੍ਹਾਂ ਕੁੜੀਆਂ ਦੇ ਵਿੱਚੋਂ ਕੁਝ ਕੁੜੀਆਂ ਆਰਥਿਕ ਸਮੱਸਿਆ ਦੇ ਕਰਕੇ ਅਤੇ ਕੁਝ ਆਪਣੇ ਪਰਿਵਾਰ ਤੋਂ ਪਰੇਸ਼ਾਨ ਸਨ। ਇੱਕ ਕੁੜੀ ਵੈਸਟਰਨ ਮਾਲ ਵਿੱਚ ਕੱਪੜੇ ਲੈਣ ਗਈ ਸੀ, ਜਦਕਿ ਇੱਕ ਕੁੜੀ ਜਨਮਦਿਨ ਦਾ ਕੇਕ ਲੈਣ ਗਈ ਸੀ, ਜਿਸ ਤੋਂ ਬਾਅਦ ਉਹ ਘਰ ਵਾਪਸ ਨਹੀਂ ਆਈਆਂ। ਪਰ ਬਾਅਦ ਵਿੱਚ ਇਹ ਕੁੜੀਆਂ ਆਪਣੇ-ਆਪ ਵਾਪਸ ਘਰ ਆ ਗਈ।

## ਪੇਪਰ ਲੀਕ ਮਾਮਲਿਆਂ ਦੀ ਸੁਣਵਾਈ ਫਾਸਟ-ਟਰੈਕ ਅਦਾਲਤਾਂ 'ਚ ਹੋਵੇਗੀ; 'ਨੀਟ' ਵਿਵਾਦ ਦੇ ਵਿਚਕਾਰ ਪ੍ਰਧਾਨ ਮੰਤਰੀ ਮੋਦੀ ਨੇ ਕੀਤਾ ਐਲਾਨ




**ਨਵੀਂ ਦਿੱਲੀ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਕਾਕਰੋਚ ਜਨਤਾ ਪਾਰਟੀ (CJP) ਦੀ ਅਗਵਾਈ ਹੇਠ ਦਿੱਲੀ ਦੇ ਜੰਤਰ-ਮੰਤਰ 'ਤੇ ਚੱਲ ਰਹੇ ਵਿਰੋਧ ਪ੍ਰਦਰਸ਼ਨ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇੱਕ ਵੱਡਾ ਬਿਆਨ ਦਿੱਤਾ ਹੈ। ਉਨ੍ਹਾਂ ਨੇ ਨੌਜਵਾਨਾਂ ਦੇ ਭਵਿੱਖ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ ਅਤੇ ਪੇਪਰ ਲੀਕ ਮਾਮਲਿਆਂ ਵਿੱਚ ਸਖ਼ਤ ਕਾਰਵਾਈ ਦਾ ਸੰਕੇਤ ਦਿੱਤਾ ਹੈ। ਪ੍ਰਧਾਨ ਮੰਤਰੀ ਮੋਦੀ ਨੇ ਪੇਪਰ ਲੀਕ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਲਈ ਫਾਸਟ-ਟਰੈਕ ਅਦਾਲਤਾਂ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ। ਇਹ ਐਲਾਨ ਉਨ੍ਹਾਂ ਦੇ ਅਧਿਕਾਰਤ ਐਕਸ-ਪੋਸਟ ਰਾਹੀਂ ਕੀਤਾ ਗਿਆ ਸੀ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ ਨੌਜਵਾਨਾਂ ਦੇ ਹਿੱਤਾਂ ਅਤੇ ਭਵਿੱਖ ਨਾਲ ਛੇੜਛਾੜ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ। ਪ੍ਰਧਾਨ ਮੰਤਰੀ ਨੇ ਟਵਿੱਟਰ 'ਤੇ ਪੋਸਟ ਕੀਤਾ ਕਿ ਦੇਸ਼ ਦੇ ਨੌਜਵਾਨਾਂ ਦੀ ਭਲਾਈ ਅਤੇ ਉਨ੍ਹਾਂ ਦਾ ਭਵਿੱਖ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਸਾਰੇ ਪੇਪਰ ਲੀਕ ਮਾਮਲਿਆਂ ਵਿੱਚ ਮਾਮਲਿਆਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਲਈ ਫਾਸਟ ਟਰੈਕ ਅਦਾਲਤਾਂ ਸਥਾਪਤ ਕੀਤੀਆਂ ਜਾਣਗੀਆਂ, ਇਹ ਯਕੀਨੀ ਬਣਾਇਆ ਜਾਵੇਗਾ ਕਿ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਸਜ਼ਾ ਦਿੱਤੀ ਜਾਵੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਬੰਧਤ ਵਿਭਾਗਾਂ ਨੂੰ ਲੋੜੀਂਦੀ ਕਾਰਵਾਈ ਯਕੀਨੀ ਬਣਾਉਣ ਲਈ ਨਿਰਦੇਸ਼ ਜਾਰੀ ਕੀਤੇ ਗਏ ਹਨ। ਇਹ ਸਰਕਾਰ ਵੱਲੋਂ ਵਿਦਿਆਰਥੀਆਂ ਦੇ ਹਿੱਤਾਂ ਦੀ ਰੱਖਿਆ ਲਈ ਲਏ ਜਾ ਰਹੇ ਫੈਸਲਿਆਂ ਦੀ ਲੜੀ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਨੌਜਵਾਨਾਂ ਦੇ ਭਵਿੱਖ ਨਾਲ ਛੇੜਛਾੜ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਵੀਡੀਓ ਨਿਊਜ਼ ਪ੍ਰਧਾਨ ਮੰਤਰੀ ਮੋਦੀ ਦੇ ਐਲਾਨ ਤੋਂ ਇਹ ਮਿਲ ਰਿਹਾ ਹੈ ਕਿ ਉਹ ਵਿਦਿਆਰਥੀਆਂ ਦੀਆਂ ਮੰਗਾਂ ਵੱਲ ਧਿਆਨ ਦੇ ਰਹੇ ਹਨ। ਉਹ ਕਈ ਦਿਨਾਂ ਤੋਂ ਮੰਗ ਕਰ ਰਹੇ ਹਨ ਕਿ ਪੇਪਰ ਲੀਕ ਲਈ ਜ਼ਿੰਮੇਵਾਰ ਲੋਕਾਂ ਨੂੰ ਜਲਦੀ ਤੋਂ ਜਲਦੀ ਸਜ਼ਾ ਦਿੱਤੀ ਜਾਵੇ ਤਾਂ ਜੋ ਇੱਕ ਉਦਾਹਰਣ ਕਾਇਮ ਕੀਤੀ ਜਾ ਸਕੇ।

## ਪੁਲਿਸ ਦਾ ਖ਼ੌਫ਼ਨਾਕ ਚਿਹਰਾ ! ਪ੍ਰਦਰਸ਼ਨ ਕਰ ਰਹੇ ਵਿਦਿਆਰਥੀਆਂ ਨੂੰ ਦਿੱਤੀ ਫਰਜ਼ੀ ਨਸ਼ੇ ਦੇ ਕੇਸ 'ਚ ਫਸਾਉਣ ਦੀ ਧਮਕੀ

**ਮੁੰਬਈ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਵਾਂਗ ਹੀ, ਮੁੰਬਈ ਵਿੱਚ ਵੀ ਵਿਦਿਆਰਥੀ ਪੇਪਰ ਲੀਕ ਮਾਮਲੇ ਨੂੰ ਲੈ ਕੇ ਵੱਡੇ ਪੱਧਰ 'ਤੇ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ। ਬੁੱਧਵਾਰ ਨੂੰ, ਪੁਲਿਸ ਨੇ ਕਈ ਪ੍ਰਦਰਸ਼ਨਕਾਰੀ ਵਿਦਿਆਰਥੀਆਂ ਨੂੰ ਹਿਰਾਸਤ ਵਿੱਚ ਲੈ ਕੇ ਉਨ੍ਹਾਂ ਨੂੰ ਪੁਲਿਸ ਵੈਨ ਦੇ ਅੰਦਰ ਬਿਠਾਇਆ। ਉਸ ਵੈਨ ਦੇ ਅੰਦਰੋਂ ਇੱਕ ਵੀਡੀਓ ਵੀਰਵਾਰ ਨੂੰ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਿਆ ਹੈ, ਜਿਸ ਨਾਲ ਇੱਕ ਵੱਡਾ ਵਿਵਾਦ ਖੜ੍ਹਾ ਹੋ ਗਿਆ ਹੈ। ਮੁੰਬਈ ਪੁਲਿਸ ਨੇ ਇਸ ਘਟਨਾ ਦੀ ਜਾਂਚ ਦੇ ਆਦੇਸ਼ ਦਿੱਤੇ ਹਨ। ਵਾਇਰਲ ਕਲਿੱਪ ਵਿੱਚ, ਇੱਕ ਪੁਲਿਸ ਡਰਾਈਵਰ ਹਿਰਾਸਤ ਵਿੱਚ ਲਏ ਗਏ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਨੂੰ ਝੂਠੇ ਕੇਸ ਵਿੱਚ ਫਸਾਉਣ ਦੀ ਧਮਕੀ ਦਿੰਦਾ ਦਿਖਾਈ ਦੇ ਰਿਹਾ ਹੈ। ਪੁਲਿਸ ਵਾਲਾ ਵਿਦਿਆਰਥੀਆਂ ਨੂੰ ਕਹਿੰਦਾ ਹੈ ਕਿ ਜੇਕਰ ਉਹ ਵਿਰੋਧ ਪ੍ਰਦਰਸ਼ਨ 'ਤੇ ਵਾਪਸ ਆਉਂਦੇ ਹਨ, ਤਾਂ ਉਨ੍ਹਾਂ ਨੂੰ ਨਕਲੀ ਡਰੱਗ ਕੇਸ ਵਿੱਚ ਫਸਾਇਆ ਜਾਵੇਗਾ। ਵੀਡੀਓ ਵਿੱਚ, ਪੁਲਿਸ ਵਾਲਾ ਕਹਿੰਦਾ ਹੈ, "ਜੇਕਰ ਮੈਂ ਤੁਹਾਨੂੰ ਦੁਬਾਰਾ ਕਿਸੇ ਵਿਰੋਧ ਪ੍ਰਦਰਸ਼ਨ ਵਿੱਚ ਦੇਖਿਆ, ਤਾਂ ਮੇਰੇ ਤੋਂ ਮਾੜਾ ਕੋਈ ਨਹੀਂ ਹੋਵੇਗਾ। ਮੈਂ ਤੁਹਾਡੀ ਜੇਬ ਵਿੱਚ 50 ਗ੍ਰਾਮ ਪਾਊਡਰ (ਨਸ਼ੀਲੇ ਪਦਾਰਥ) ਪਾਵਾਂਗਾ। ਇਹ ਤੁਹਾਡੀ ਜ਼ਿੰਦਗੀ ਬਰਬਾਦ ਕਰ ਦੇਵੇਗਾ। ਇਹ ਯਕੀਨੀ ਬਣਾਏਗਾ ਕਿ ਤੁਹਾਨੂੰ ਜ਼ਮਾਨਤ ਨਾ ਮਿਲੇ।" ਕਲਿੱਪ ਵਿੱਚ ਪੁਲਿਸ ਵਾਲੇ ਨੂੰ ਇਹ ਕਹਿੰਦੇ ਹੋਏ ਵੀ ਸੁਣਿਆ ਜਾ ਸਕਦਾ ਹੈ, "ਤੁਸੀਂ ਸਾਨੂੰ ਪਰੇਸ਼ਾਨ ਕਰ ਰਹੇ ਹੋ।" ਗੱਡੀ ਦੀ ਪਿਛਲੀ ਸੀਟ 'ਤੇ ਬੈਠੇ ਵਿਦਿਆਰਥੀ ਪ੍ਰਦਰਸ਼ਨਕਾਰੀ ਜਵਾਬ ਵਿੱਚ ਹੱਸਦੇ ਅਤੇ ਮੁਸਕਰਾਉਂਦੇ ਦਿਖਾਈ ਦੇ ਰਹੇ ਹਨ। ਕਾਂਗਰਸ ਪਾਰਟੀ ਅਤੇ ਸੀਜੇਪੀ ਨੇ ਐਕਸ 'ਤੇ ਵੀਡੀਓ ਸਾਂਝਾ ਕੀਤਾ ਹੈ। ਟੀਓਆਈ ਦੀ ਇੱਕ ਰਿਪੋਰਟ ਦੇ ਅਨੁਸਾਰ, ਕਾਂਸਟੇਬਲ ਦੀ ਪਛਾਣ ਪਵਨ ਸੰਗਲੇ ਵਜੋਂ ਹੋਈ ਹੈ। ਪਵਨ ਸੰਗਲੇ ਮੋਟਰ ਵਾਹਨ ਵਿਭਾਗ ਨਾਲ ਜੁੜੇ ਹੋਏ ਹਨ ਅਤੇ ਇਸ ਸਮੇਂ ਸਿਓਨ ਪੁਲਿਸ ਸਟੇਸ਼ਨ ਵਿੱਚ ਤਾਇਨਾਤ ਹਨ। ਇੱਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਘਟਨਾ ਦੀ ਜਾਂਚ ਦੇ ਹੁਕਮ ਦੇ ਦਿੱਤੇ ਗਏ ਹਨ। ਤੱਥਾਂ ਦੀ ਪੁਸ਼ਟੀ ਕਰਨ ਤੋਂ ਬਾਅਦ, ਪੁੱਛਗਿੱਛ ਅਧੀਨ ਡਰਾਈਵਰ ਨੂੰ ਜਾਂਚ ਪੂਰੀ ਹੋਣ ਤੱਕ ਉਸਦੀ ਮੌਜੂਦਾ ਪੋਸਟਿੰਗ ਤੋਂ ਹਟਾ ਦਿੱਤਾ ਗਿਆ ਹੈ। ਮੁੰਬਈ ਦੇ ਡੀਸੀਪੀ (ਓਪਰੇਸ਼ਨ) ਅਕਬਰ ਪਠਾਨ ਨੇ ਕਿਹਾ, "ਮੁੰਬਈ ਪੁਲਿਸ ਨੇ ਇਸ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ, ਅਤੇ ਤੱਥਾਂ ਦੀ ਪੁਸ਼ਟੀ ਕਰਨ ਤੋਂ ਬਾਅਦ ਕਾਰਵਾਈ ਕੀਤੀ ਜਾਵੇਗੀ। ਸਬੰਧਤ ਡਰਾਈਵਰ ਨੂੰ ਉਸਦੀ ਮੌਜੂਦਾ ਪੋਸਟਿੰਗ ਤੋਂ ਹਟਾ ਦਿੱਤਾ ਗਿਆ ਹੈ।" ਮੁੰਬਈ ਕਾਂਗਰਸ ਨੇ ਕਿਹਾ ਕਿ ਇਹ ਸਿਰਫ਼ ਵਿਦਿਆਰਥੀਆਂ ਨੂੰ ਡਰਾਉਣ ਦੀ ਕੋਸ਼ਿਸ਼ ਨਹੀਂ ਸੀ ਸਗੋਂ ਲੋਕਤੰਤਰੀ ਅਧਿਕਾਰਾਂ 'ਤੇ ਸਿੱਧਾ ਹਮਲਾ ਸੀ। ਆਪਣੀ ਆਵਾਜ਼ ਉਠਾਉਣਾ ਕੋਈ ਅਪਰਾਧ ਨਹੀਂ ਹੈ। ਵਿਦਿਆਰਥੀਆਂ ਦੇ ਸਵਾਲਾਂ ਦਾ ਜਵਾਬ ਜ਼ਿੰਮੇਵਾਰੀ ਨਾਲ ਦੇਣਾ ਚਾਹੀਦਾ ਹੈ, ਧਮਕੀਆਂ ਨਾਲ ਨਹੀਂ।


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

# ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਜੀਵਨ ਦਰਸ਼ਨ

**ਦਸਤਗੀਰ ਹੁਇ ਪੰਜ ਪੀਰ ਹਰਿ ਗੁਰੁ ਹਰਿ ਗੋਬਿੰਦ ਅਤੋਲਾ॥**
**ਦੀਨ ਦੁਨੀ ਦਾ ਪਾਤਿਸਾਹੁ ਪਾਤਿਸਾਹਾਂ ਪਾਤਿਸਾਹੁ ਅਡੋਲਾ॥**

ਭਾਈ ਗੁਰਦਾਸ ਜੀ ਨੇ ਇਹ ਤੁਕਾਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਸਬੰਧ ਵਿੱਚ ਆਪਣੀਆਂ ਵਾਰਾਂ ਵਿੱਚ ਦਰਜ ਕੀਤੀਆਂ ਹਨ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਬਾਰੇ ਭਾਈ ਗੁਰਦਾਸ ਜੀ ਨੇ ਆਪਣੀ ਪਹਿਲੀ ਵਾਰ ਵਿੱਚ ਇਸ ਤਰ੍ਹਾਂ ਵੀ ਲਿਖਿਆ ਹੈ:

**ਪੰਜ ਪਿਆਲੇ ਪੰਜ ਪੀਰ ਛਟਮ ਪੀਰ ਬੈਠਾ ਗੁਰ ਭਾਰੀ॥**
**ਅਰਜਨ ਕਾਇਆਂ ਪਲਟ ਕੈ ਮੂਰਤ ਹਰਿ ਗੋਬਿੰਦ ਸਵਾਰੀ॥**
**ਚਲੀ ਪੀੜ੍ਹੀ ਸੋਢੀਆਂ ਰੂਪ ਦਿਖਾਵਣ ਵਾਰੋ ਵਾਰੀ॥**
**ਦਲ ਭੰਜਨ ਗੁਰ ਸੂਰਮਾਂ ਵਡ ਜੋਧਾ ਬਹੁਪਰਉਪਕਾਰੀ॥**

ਆਵਾਜ਼ਿ ਕੌਮ
AWAZE QAUM
International Newspaper & WEB TV



ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਗ੍ਰਹਿ ਵਿਖੇ ਮਾਤਾ ਗੰਗਾ ਜੀ ਦੀ ਕੁੱਖੋਂ ਸੰਮਤ 1652,(1595 ਈਸਵੀ) ਨੂੰ ਅੰਮ੍ਰਿਤਸਰ ਸਾਹਿਬ ਦੇ ਪਿੰਡ ਵਡਾਲੀ ਵਿਖੇ ਹੋਇਆ। ਗੁਰੂ ਜੀ ਦਾ ਬਚਪਨ ਬਾਬਾ ਬੁੱਢਾ ਜੀ ਤੇ ਭਾਈ ਗੁਰਦਾਸ ਜੀ ਵਰਗੇ ਮਹਾਨ ਸਿੱਖਾਂ ਦੀ ਸੰਗਤ ਵਿੱਚ ਗੁਜ਼ਿਰਆ। ਬਾਬਾ ਬੁੱਢਾ ਜੀ ਨੇ ਆਪ ਜੀ ਨੂੰ ਤਲਵਾਰਬਾਜ਼ੀ, ਕੁਸ਼ਤੀ ਅਤੇ ਘੋੜ ਸਵਾਰੀ ਦੀ ਸਿੱਖਿਆ ਦਿੱਤੀ। ਆਪ ਜੀ ਦੀ ਉਮਰ ਜਦੋਂ ਲਗਭਗ 11 ਸਾਲ ਦੇ ਕਰੀਬ ਹੀ ਸੀ, ਉਸ ਵੇਲੇ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਜਹਾਂਗੀਰ ਬਾਦਸ਼ਾਹ ਦੇ ਹੁਕਮ ’ਤੇ ਹੀ ਆਸਾ ਵਾਰ ਸਿਆਸਤ ਕਾਨੂੰਨ ਦੇ ਤਹਿਤ ਲਾਹੌਰ ਵਿਖੇ ਤੱਤੀ ਤਵੀ ’ਤੇ ਬਿਠਾ ਕੇ ਸ਼ਹੀਦ ਕਰ ਦਿੱਤਾ ਗਿਆ ਸੀ। ਗੁਰੂ ਅਰਜਨ ਦੇਵ ਜੀ ਲਾਹੌਰ ਜਾਣ ਤੋਂ ਪਹਿਲਾਂ ਗੁਰਤਾ ਗੱਦੀ ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਸੌਂਪ ਗਏ। ਆਪ ਜੀ ਸਿੱਖਾਂ ਦੇ ਛੇਵੇਂ ਗੁਰੂ ਹਨ।


ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਤੋਂ ਬਾਅਦ ਆਪ ਜੀ ਨੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਪਹਿਨੀਆਂ ਤੇ ਇਹ ਸੰਦੇਸ਼ ਦਿੱਤਾ ਕਿ ਹੁਣ ਤੋਂ ਬਾਅਦ ਸਿੱਖ ਧਰਮ ਵਿੱਚ ਪੀਰੀ ਦੇ ਨਾਲ ਮੀਰੀ ਵੀ ਬਰਾਬਰ ਚੱਲੇਗੀ। ਆਪ ਜੀ ਨੇ ਸਾਰੇ ਸਿੱਖਾਂ ਨੂੰ ਇਹ ਸੰਦੇਸ਼ ਦਿੱਤਾ ਕਿ ਜਦੋਂ ਵੀ ਸਿੱਖ ਸੰਗਤ ਗੁਰੂ ਜੀ ਦੇ ਦਰਬਾਰ ਵਿੱਚ ਹਾਜ਼ਰ ਹੋਵੇ ਤਾਂ ਉਹ ਧਨ-ਦੌਲਤ ਦੀ ਥਾਂ ਹਥਿਆਰ ਅਤੇ ਘੋੜੇ ਲੈ ਕੇ ਆਵੇ। ਸ੍ਰੀ ਹਰਿਮੰਦਰ ਸਾਹਿਬ ਜੀ ਦੇ ਬਿਲਕੁੱਲ ਸਾਹਮਣੇ ਸੰਨ 1663 ਈਸਵੀ ਨੂੰ ਆਪ ਜੀ ਨੇ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ। ਅਕਾਲ ਤਖਤ ਦਾ ਭਾਵ ਹੈ ‘ਅਕਾਲ ਪੁਰਖ ਦਾ ਸਿੰਘਾਸਨ।’ ਪਹਿਲਾਂ ਇਸ ਨੂੰ ਅਕਾਲ ਬੁੰਗਾ ਕਿਹਾ ਜਾਂਦਾ ਸੀ। ਬੁੰਗਾ ਤੋਂ ਭਾਵ ਅਜਿਹੀ ਵੱਡੀ ਇਮਾਰਤ ਤੋਂ ਹੁੰਦਾ ਹੈ ਜਿਸ ਦੇ ਉਤੇ ਗੁੰਬਦ ਬਣਿਆ ਹੋਵੇ। ਅੰਮ੍ਰਿਤਸਰ ਸ਼ਹਿਰ ਦੇ ਨੇੜੇ ਹੀ ਆਪ ਜੀ ਨੇ ਇਕ ਕਿਲਾ ਵੀ ਤਿਆਰ ਕਰਵਾਇਆ, ਜਿਸ ਦਾ ਨਾਂ ਲੋਹਗੜ੍ਹ ਰੱਖਿਆ ਗਿਆ। ਅਕਾਲ ਤਖਤ ਸਾਹਿਬ ਨੂੰ ਦਿੱਲੀ ਦੇ ਜਹਾਂਗੀਰ ਬਾਦਸ਼ਾਹ ਦੇ ਤਖ਼ਤ ਨਾਲੋਂ ਲਗਭਗ ਡੇਢ ਫੁੱਟ ਉੱਚਾ ਰੱਖਿਆ ਗਿਆ। ਹੁਣ ਸਿੱਖਾਂ ਦੇ ਜੋ ਵੀ ਮਸਲੇ ਹੁੰਦੇ ਸਨ, ਉਹ ਸਾਰੇ ਅਕਾਲ ਤਖਤ ਸਾਹਿਬ ਉਤੇ ਵਿਚਾਰੇ ਜਾਂਦੇ ਅਤੇ ਗੁਰੂ ਜੀ ਆਪਣਾ ਫ਼ੈਸਲਾ ਸੁਣ ਕੇ ਸਾਰਿਆਂ ਲਈ ਯੋਗ ਹੁੰਦਾ ਸੀ। ਗੁਰੂ ਹਰਗੋਬਿੰਦ ਸਾਹਿਬ ਜੀ ਨੇ ਢਾਡੀ ਪ੍ਰੰਪਰਾ ਨੂੰ ਪ੍ਰਫੁੱਲਿਤ ਕੀਤਾ। ਆਪ ਜੀ ਦੇ ਦਰਬਾਰ ’ਚ ਨਚਣਾ ਅਤੇ ਅਬਦੁਲਾ ਨਾਂ ਦੇ ਦੋ ਢਾਡੀ ਸਨ, ਜੋ ਸਿੱਖ ਸੰਗਤਾਂ ਨੂੰ ਬੀਰ-ਰਸੀ ਵਾਰਾਂ ਸੁਣਾ ਕੇ ਉਨ੍ਹਾਂ ਵਿੱਚ ਜੋਸ਼ ਭਰਿਆ ਕਰਦੇ ਸਨ ਤੇ ਢਾਡੀ ਕਲਾ ਹੀ ਸੀ, ਜਿਸ ਨੇ ਵੱਡੇ-ਵੱਡੇ ਸੂਰਮਿਆਂ ਦੇ ਠੰਡੇ ਪੈ ਚੁੱਕੇ ਖ਼ੂਨ ਵਿੱਚ ਅਨੋਖੀ ਬੀਰਤਾ ਦਾ ਜੋਸ਼ ਭਰਿਆ। ਸਿੱਖਾਂ ਨੂੰ ਰਾਜਨੀਤਿਕ ਤੌਰ ’ਤੇ ਮਜ਼ਬੂਤ ਹੁੰਦਿਆਂ ਵੇਖ ਕੇ ਮੁਗ਼ਲ ਬਾਦਸ਼ਾਹ ਜਹਾਂਗੀਰ ਨੇ ਇਸ ਨੂੰ ਆਪਣੇ ਰਾਜ ਭਾਗ ਦੇ ਲਈ ਵੱਡਾ ਖ਼ਤਰਾ ਸਮਝਿਆ। ਦੂਜੇ ਪਾਸੇ ਚੰਦੂ ਨੇ ਵੀ ਬਾਦਸ਼ਾਹ ਜਹਾਂਗੀਰ ਦੇ ਖ਼ੂਬ ਕੰਨ ਭਰੇ ਅਤੇ ਦੱਸਿਆ ਕਿ ਗੁਰੂ ਜੀ ਦੇ ਬਰਾਬਰ ਆਪਣੀ ਫੌਜ ਤਿਆਰ ਕਰ ਰਹੇ ਹਨ। ਅਸਲ ਵਿੱਚ ਚੰਦੂ ਨੇ ਗੁਰੂ ਜੀ ਨੂੰ ਇਕ ਪੱਤਰ ਲਿਖ ਕੇ ਆਪਣੀ ਲੜਕੀ ਦਾ ਰਿਸ਼ਤਾ ਸਵੀਕਾਰ ਕਰ ਲੈਣ ਦੀ ਅਪੀਲ ਕੀਤੀ ਸੀ ਪਰ ਗੁਰੂ ਜੀ ਨੇ ਅਜਿਹਾ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ, ਜਿਸ ਨੂੰ ਚੰਦੂ ਨੇ ਆਪਣੀ ਬੇਇੱਜ਼ਤੀ ਸਮਝਿਆ ਸੀ। ਬਾਦਸ਼ਾਹ ਜਹਾਂਗੀਰ ਨੇ ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਗਵਾਲੀਅਰ ਦੇ ਕਿਲ੍ਹੇ ’ਚ ਕੈਦ ਕਰ ਦਿੱਤਾ।

ਕਈ ਸਾਲਾਂ ਤੱਕ ਗੁਰੂ ਹਰਗੋਬਿੰਦ ਸਾਹਿਬ ਜੀ ਇਸ ਕਿਲ੍ਹੇ ਵਿੱਚ ਕੈਦ ਰਹੇ। ਵੱਡੀ ਗਿਣਤੀ ਵਿੱਚ ਸਿੱਖ ਬਾਬਾ ਬੁੱਢਾ ਜੀ ਜਾਂ ਭਾਈ ਗੁਰਦਾਸ ਜੀ ਦੀ ਅਗਵਾਈ ਵਿੱਚ ਪੰਜਾਬ ਅਤੇ ਹੋਰ ਸੂਬਿਆਂ ਤੋਂ ਰਵਾਨਾ ਹੁੰਦੇ ਅਤੇ ਗਵਾਲੀਅਰ ਦੇ ਕਿਲ੍ਹੇ ਤੱਕ ਪਹੁੰਚ ਕੇ ਗਵਾਲੀਅਰ ਦੇ ਕਿਲ੍ਹੇ ਦੀ ਦੀਵਾਰ ਨੂੰ ਨਮਸਕਾਰ ਕਰਕੇ ਸਿੱਖ ਉਥੋਂ ਵਾਪਸ ਆ ਜਾਂਦੇ। ਇਹ ਸਿਲਸਿਲਾ ਜਾਰੀ ਰਿਹਾ। ਬਾਦਸ਼ਾਹ ਉਤੇ ਗੁਰੂ ਜੀ ਨੂੰ ਰਿਹਾਅ ਕਰਨ ਲਈ ਦਬਾਅ ਵਧਦਾ ਗਿਆ ਤੇ ਅਖੀਰ ਉਸ ਨੇ ਗੁਰੂ ਜੀ ਨੂੰ ਰਿਹਾਅ ਕਰਨ ਦਾ ਫ਼ੈਸਲਾ ਕਰ ਲਿਆ। ਜਿਸ ਜੇਲ੍ਹ ਵਿੱਚ ਗੁਰੂ ਜੀ ਨਗਰ ਵਸਾਉਣ, ਉਥੇ 52 ਪਹਾੜੀ ਹਿੰਦੂ ਰਾਜੇ ਵੀ ਕੈਦ ਸਨ। ਗੁਰੂ ਹਰਗੋਬਿੰਦ ਸਾਹਿਬ ਜੀ ਨੇ ਇਨ੍ਹਾਂ ਸਾਰੇ ਰਾਜਿਆਂ ਨੂੰ ਆਪਣੇ ਨਾਲ ਰਿਹਾਅ ਕਰਨ ਲਈ ਕਿਹਾ ਅਤੇ ਇਨ੍ਹਾਂ ਤੋਂ ਬਿਨਾਂ ਰਿਹਾਅ ਹੋਣ ਤੋਂ ਇਨਕਾਰ ਕਰ ਦਿੱਤਾ।

ਅਖੀਰ ਬਾਦਸ਼ਾਹ ਜਹਾਂਗੀਰ ਨੂੰ ਗੁਰੂ ਜੀ ਦੇ ਨਾਲ ਸਮਝਾ ਕੈਦੀਆਂ ਨੂੰ ਵੀ ਰਿਹਾਅ ਕਰਨਾ ਪਿਆ। ਉਸ ਨੇ ਗੁਰੂ ਜੀ ਨੂੰ ਕਿਹਾ ਕਿ ਜਿਹੜਾ ਵੀ ਰਾਜਾ ਗੁਰੂ ਜੀ ਦੇ ਚੋਲੇ ਨੂੰ ਫੜ ਕੇ ਕਿਲ੍ਹੇ ਤੋਂ ਬਾਹਰ ਆ ਜਾਵੇਗਾ, ਉਸੇ ਨੂੰ ਰਿਹਾਅ ਕੀਤਾ ਜਾਵੇਗਾ। ਗੁਰੂ ਜੀ ਨੇ ਇਸ ਕਾਰਜ ਲਈ ਵਿਸ਼ੇਸ਼ ਤੌਰ ’ਤੇ 52 ਕਲੀਆਂ ਵਾਲਾ ਚੋਲਾ ਸਿਲਵਾਇਆ। ਸਾਰੇ ਦੇ ਸਾਰੇ ਰਾਜੇ ਗੁਰੂ ਜੀ ਦੇ ਇਸ ਚੋਲੇ ਦੀਆਂ ਕਲੀਆਂ ਨੂੰ ਫੜ ਕੇ ਕੈਦ ’ਚੋਂ ਰਿਹਾਅ ਹੋ ਗਏ। ਗੁਰੂ ਜੀ ਦੀ ਕਿਸੇ ਵੀ ਧਰਮ ਜਾਂ ਜਾਤ ਨਾਲ ਕੋਈ ਦੁਸ਼ਮਣੀ ਨਹੀਂ ਸੀ। ਉਹ ਕੇਵਲ ਇਨਸਾਨੀਅਤ ਦੀ ਸੇਵਾ ਕਰਦੇ ਸਨ। ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਸਮੇਂ ਦੀ ਹਕੂਮਤ ਨਾਲ ਚਾਰ ਵੱਡੀਆਂ ਜੰਗਾਂ ਲੜਨੀਆਂ ਪਈਆਂ। ਇਨ੍ਹਾਂ ਚਾਰੇ ਜੰਗਾਂ ਵਿੱਚ ਜਿੱਤ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਹੋਈ। ਗੁਰੂ ਹਰਗੋਬਿੰਦ ਸਾਹਿਬ ਜੀ ਦੇ ਤਿੰਨ ਵਿਆਹ ਹੋਏ ਸਨ। ਆਪ ਜੀ ਦੇ ਮਹਿਲ ਮਾਤਾ ਨਾਨਕੀ, ਮਹਾਦੇਵੀ ਜੀ ਅਤੇ ਦਮੋਦਰੀ ਜੀ ਸਨ। ਆਪ ਜੀ ਦੇ ਪੰਜ ਪੁੱਤਰ ਬਾਬਾ ਗੁਰਦਿੱਤਾ ਜੀ, ਬਾਬਾ ਸੂਰਜ ਮੱਲ ਜੀ, ਗੁਰੂ ਤੇਗ ਬਹਾਦਰ ਜੀ, ਬਾਬਾ ਅਣੀ ਰਾਇ ਜੀ ਅਤੇ ਬਾਬਾ ਅਟੱਲ ਰਾਏ ਜੀ ਅਤੇ ਇਕ ਪੁੱਤਰੀ ਬੀਬੀ ਵੀਰੋ ਜੀ ਸਨ। ਗੁਰੂ ਹਰਗੋਬਿੰਦ ਸਾਹਿਬ ਜੀ ਨਾਲ ਜਦੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦੀ ਮੁਲਾਕਾਤ ਹੋਈ ਤਾਂ ਉਨ੍ਹਾਂ ਨੇ ਗੁਰੂ ਜੀ ਕੋਲੋਂ ਵੱਡੇ ਪੁੱਤਰ ਬਾਬਾ ਗੁਰਦਿੱਤਾ ਜੀ ਨੂੰ ਆਪਣੇ ਲਈ ਮੰਗ ਲਿਆ। ਬਾਅਦ ਵਿਚ ਬਾਬਾ ਸ੍ਰੀ ਚੰਦ ਜੀ ਨੇ ਬਾਬਾ ਗੁਰਦਿੱਤਾ ਜੀ ਨੂੰ ਉਦਾਸੀ ਮੱਤ ਦਾ ਉੱਤਰਾਧਿਕਾਰੀ ਐਲਾਨ ਦਿੱਤਾ। ਬਾਬਾ ਗੁਰਦਿੱਤਾ ਜੀ ਤੇ ਉਨ੍ਹਾਂ ਦੀ ਪਤਨੀ ਨਿਹਾਲ ਕੌਰ ਦੀ ਕੁੱਖੋਂ ਗੁਰੂ ਹਰਿ ਰਾਏ ਜੀ ਦਾ ਪ੍ਰਕਾਸ਼ ਹੋਇਆ, ਜਿਨ੍ਹਾਂ ਨੂੰ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਸਿੱਖਾਂ ਦਾ ਸੱਤਵਾਂ ਗੁਰੂ ਐਲਾਨਿਆ ਤੇ ਗੁਰਤਾ ਗੱਦੀ ਸੰਭਾਲ ਦਿੱਤੀ। ਗੁਰੂ ਹਰਗੋਬਿੰਦ ਸਾਹਿਬ ਜੀ ਨੇ ਜੰਗਾਂ-ਯੁੱਧਾਂ ਤੋਂ ਵਿਹਲੇ ਹੋ ਕੇ ਆਪਣੇ ਵੱਡੇ ਪੁੱਤਰ ਬਾਬਾ ਗੁਰਦਿੱਤਾ ਜੀ ਨੂੰ ਪਹਾੜੀਆਂ ਵਿੱਚ ਇਕ ਸੁੰਦਰ ਸ਼ਹਿਰ ਵਸਾਉਣ ਦਾ ਆਦੇਸ਼ ਦਿੱਤਾ ਸੀ, ਜਿਸ ਦੇ ਨਤੀਜੇ ਵਜੋਂ ਕੀਰਤਪੁਰ ਸਾਹਿਬ ਸ਼ਹਿਰ ਹੋਂਦ ਵਿੱਚ ਆਇਆ। ਗੁਰੂ ਹਰਗੋਬਿੰਦ ਸਾਹਿਬ ਇਸੇ ਸ਼ਹਿਰ ’ਚ ਆ ਕੇ ਰਹਿਣ ਲੱਗੇ ਅਤੇ ਇੱਥੇ ਹੀ ਜੋਤੀ-ਜੋਤ ਸਮਾਏ।

**-ਗੁਰਪ੍ਰੀਤ ਸਿੰਘ ਨਿਆਮੀਆਂ**

**ਧੰਨ ਸ੍ਰੀ ਗੁਰੂ ਹਰਿ ਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਦੀਆਂ ਵਧਾਈਆਂ ਜੀ**




**Dhan Sri Guru Har Gobind Sahib Ji de Miri Piri Divas diyan Vadaiyan Ji**
**www.damdamitaksal.net**

# ਜਾਣੋ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਕਿਉਂ ਧਾਰਨ ਕੀਤੀਆਂ ਮੀਰੀ-ਪੀਰੀ ਦੀਆਂ ਤਲਵਾਰਾਂ

ਮੀਰੀ-ਪੀਰੀ ਸ਼ਬਦ ਅਰਬੀ-ਫ਼ਾਰਸੀ ਪਿਛੋਕੜ ਵਾਲੇ ਹਨ। 'ਮੀਰੀ' ਦਾ ਸੰਬੰਧ 'ਮੀਰ' ਨਾਲ ਹੈ, ਜੋ ਅਰਬੀ ਦੇ 'ਅਮੀਰ' ਸ਼ਬਦ ਦਾ ਸੰਖਿਪਤ ਰੂਪ ਹੈ। 'ਮੀਰੀ' ਤੋਂ ਭਾਵ ਬਾਦਸ਼ਾਹਤ ਜਾਂ ਸਰਦਾਰੀ। 'ਪੀਰੀ' ਸ਼ਬਦ ਦਾ ਸੰਬੰਧ ਫ਼ਾਰਸੀ ਦੇ 'ਪੀਰ' ਸ਼ਬਦ ਨਾਲ ਹੈ ਜਿਸ ਦਾ ਅਰਥ ਹੈ ਧਰਮ ਆਗੂ , ਗੁਰੂ। 'ਪੀਰੀ' ਤੋਂ ਭਾਵ ਹੈ ਧਾਰਮਿਕ ਅਧਿਕਾਰ ਜਾਂ ਗੁਰਤਾ। ਇਨ੍ਹਾਂ ਦੋਹਾਂ ਸ਼ਬਦਾਂ ਦੀ ਇਕ ਵਿਅਕਤਿਤਵ ਲਈ ਵਰਤਣ ਦੀ ਪਰੰਪਰਾ ਦਾ ਆਰੰਭ ਸਿੱਖ ਜਗਤ ਵਿਚ ਗੁਰੂ ਹਰਿਗੋਬਿੰਦ ਸਾਹਿਬ ਤੋਂ ਹੋਇਆ। ਉਨ੍ਹਾਂ ਨੂੰ 'ਮੀਰੀ ਪੀਰੀ ਦਾ ਮਾਲਿਕ' ਕਿਹਾ ਗਿਆ ਹੈ, ਕਿਉਂਕਿ ਉਨ੍ਹਾਂ ਨੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਨੂੰ ਧਾਰਣ ਕੀਤਾ ਸੀ।


ਮੀਰੀ-ਪੀਰੀ ਨੂੰ ਸੰਯੁਕਤ ਕਰਨ ਪਿਛੇ ਉਸ ਸਮੇਂ ਦੀਆਂ ਇਤਿਹਾਸਿਕ ਪਰਿਸਥਿਤੀਆਂ ਹਨ। ਸ੍ਰੀ ਗੁਰੂ ਅਰਜਨ ਦੇਵ ਜੀ ਤੱਕ ਸਿੱਖ ਗੁਰੂ ਸਾਹਿਬਾਨ ਪੀਰੀ ਜਾਂ ਗੁਰਤਾ ਤੱਕ ਆਪਣੀਆਂ ਅਧਿਆਤਮਿਕ ਮਾਨਤਾਵਾਂ ਦਾ ਵਿਸਤਾਰ ਕਰਦੇ ਸਨ। ਉਂਝ ਇਹ ਵੱਖਰੀ ਗੱਲ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਾਣੀ ਖ਼ਾਸ ਕਰਕੇ 'ਬਾਬਰ ਵਾਣੀ' ਪ੍ਰਸੰਗ ਵਿੱਚ ਮੁਗ਼ਲ ਸਰਕਾਰ ਦੇ ਅਤਿਆਚਾਰਾਂ ਵਿਰੁੱਧ ਰੋਸ ਦੀ ਭਾਵਨਾ ਮਿਲ ਜਾਂਦੀ ਹੈ। ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੇ ਸਿੱਖ ਮਾਨਸਿਕਤਾ ਨੂੰ ਝੰਝੋੜ ਦਿੱਤਾ। ਹਰਿ-ਭਗਤੀ ਦੇ ਨਾਲ ਆਤਮ-ਰਖਿਆ ਦਾ ਪ੍ਰਸ਼ਨ ਸਾਹਮਣੇ ਆਇਆ। ਗੁਰੂ ਹਰਿਗੋਬਿੰਦ ਸਾਹਿਬ ਨੇ ਪੀਰੀ ਦੇ ਹਰਿਮੰਦਿਰ ਸਾਹਿਬ ਦੇ ਨਾਲ ਮੀਰੀ ਸੂਚਕ ਅਕਾਲ ਤਖ਼ਤ ਦੀ ਸਥਾਪਨਾ ਕੀਤੀ ਅਤੇ ਆਪਣੀ ਜੀਵਨ-ਵਿਧੀ ਨੂੰ ਬਦਲ ਦਿੱਤਾ। ਹਰਿ-ਭਗਤੀ ਦੇ ਨਾਲ ਸ਼ਾਹੀ ਚਿੰਨ੍ਹ ਵੀ ਸ਼ਾਮਲ ਕਰ ਲਏ। ਭਾਈ ਗੁਰਦਾਸ ਨੇ ਲਿਖਿਆ –

**ਦਲ ਭੰਜਨ ਗੁਰੁ ਸੂਰਮਾ ਬਡ ਜੋਧਾ ਬਹੁ ਪਰਉਪਕਾਰੀ।**(1/48)।

ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸੇ ਦੀ ਸਿਰਜਨਾ ਕਰਕੇ ਉਸ ਨੂੰ 'ਸੰਤ ' ਦੇ ਨਾਲ 'ਸਿਪਾਹੀ' ਵੀ ਬਣਾ ਦਿੱਤਾ। ਇਸ ਤਰ੍ਹਾਂ ਮੀਰੀ-ਪੀਰੀ ਦੇ ਸੰਯੁਕਤ ਰੂਪ ਦਾ ਪੂਰਣ ਦਿਗਦਰਸ਼ਨ ਖ਼ਾਲਸੇ ਦੀ ਸਿਰਜਨਾ ਨਾਲ ਸਾਹਮਣੇ ਆ ਸਕਿਆ।

**ਸਿੱਖ ਧਰਮ ਦੀ ਵਿਲੱਖਣਤਾ ਦਾ ਪ੍ਰਤੀਕ ਮੀਰੀ-ਪੀਰੀ ਦਾ ਸਿਧਾਂਤ** : ਮੀਰੀ-ਪੀਰੀ ਦਾ ਸਿਧਾਂਤ ਸਿੱਖ ਧਰਮ ਦੀ ਵਿਲੱਖਣਤਾ ਦਾ ਪ੍ਰਤੀਕ ਹੈ। ਧਰਮਾਂ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਕਿ ਕਿਸੇ ਧਰਮ ਨੇ ਅਧਿਆਤਮਿਕ ਪ੍ਰਭੂਸੱਤਾ ਦੇ ਨਾਲ-ਨਾਲ ਰਾਜਨੀਤਿਕ ਸੱਤਾ ਨੂੰ ਪ੍ਰਭਾਵਿਤ ਕੀਤਾ। ਮੀਰੀ-ਪੀਰੀ ਇਕ ਦੂਜੇ ਦੇ ਪੂਰਕ ਹਨ। ਇਸ ਨਾਲ ਜਿੱਥੇ ਅੰਦਰੂਨੀ ਵਿਕਾਰਾਂ ਨੂੰ ਦੂਰ ਕਰਕੇ ਅਧਿਆਤਮਿਕ ਮੰਡਲਾਂ ਵਿੱਚ ਹਾਜ਼ਰੀ ਲੱਗਦੀ ਹੈ, ਉੱਥੇ ਹੀ ਦੁਨਿਆਵੀਂ (ਰਾਜਨੀਤਿਕ) ਨਿਸ਼ਿਚਤਤਾ ਦਾ ਆਧਾਰ ਬਣਦੀ ਹੈ।

ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਛੇਵੇਂ ਸਤਿਗੁਰੂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ-ਪੀਰੀ ਦੇ ਸਿਧਾਂਤ ਨੂੰ ਜ਼ਾਹਰ ਰੂਪ ਵਿੱਚ ਪ੍ਰਗਟ ਕੀਤਾ। ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਸਾਹਿਬ ਜੀ ਦੀ ਬੇਮਿਸਾਲ ਤੇ ਸ਼ਾਂਤਮਈ ਸ਼ਹਾਦਤ ਨਾਲ ਸਿੱਖ ਇਤਿਹਾਸ ਵਿੱਚ ਇਕ ਕ੍ਰਾਂਤੀਕਾਰੀ ਮੋੜ ਆਇਆ। ਸਤਿਗੁਰਾਂ ਦੀ ਸ਼ਹਾਦਤ ਤੋਂ ਬਾਅਦ ਇਹ ਗੱਲ ਸਪੱਸ਼ਟ ਹੋ ਗਈ ਸੀ ਕਿ ਜ਼ਾਲਮ ਹੁਣ ਹਥਿਆਰਾਂ ਤੋਂ ਬਿਨਾਂ ਜ਼ੁਲਮ ਕਰਨੋਂ ਮੁੜਣ ਵਾਲੇ ਨਹੀਂ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਸਮਝ ਗਏ ਸਨ ਕਿ ਹੁਣ ਭਗਤੀ ਅਤੇ ਸ਼ਕਤੀ ਦੇ ਸੁਮੇਲ ਦਾ ਸਮਾਂ ਆ ਗਿਆ ਹੈ। ਸਿੱਖਾਂ ਨੂੰ ਹੁਣ ਸੰਤ-ਸਿਪਾਹੀ ਬਨਣਾ ਹੋਏਗਾ, ਕਿਉਂਕਿ ਬਲਹੀਣ ਭਗਤਾਂ ਨੂੰ ਜ਼ਾਲਮ, ਕਲਿਆਣ ਦੇ ਰਸਤੇ ਚਲਣ ਨਹੀਂ ਦੇਵੇਗਾ।



ਸ੍ਰੀ ਗੁਰੂ ਹਰਿਗੋਬਿੰਦ ਜੀ ਨੇ ਬਾਬਾ ਬੁੱਢਾ ਜੀ ਅਤੇ ਭਾਈ ਗੁਰਦਾਸ ਜੀ ਨੂੰ ਨਾਲ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਆਪ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨੀਂਹ ਰੱਖੀ ਅਤੇ ਉਸਾਰੀ ਕਰਵਾਈ। ਗੁਰਿਆਈ ਦੇ ਤਿਲਕ ਦੀ ਜਗ੍ਹਾ ਬਾਬਾ ਬੁੱਢਾ ਜੀ ਨੂੰ ਦੋ ਤਲਵਾਰਾਂ ਇਕ ਮੀਰੀ ਦੀ ਅਤੇ ਇਕ ਪੀਰੀ ਦੀ ਪਹਿਨਾਉਣ ਦਾ ਹੁਕਮ ਕੀਤਾ। ਉਨ੍ਹਾਂ ਐਲਾਨ ਕੀਤਾ ਕਿ ਪਹਿਲੇ ਪੰਜ ਗੁਰੂ ਸਾਹਿਬਾਨ ਵੀ ਧਾਰਮਿਕ ਅਤੇ ਰਾਜਸੀ ਗੁਰੂ ਹੋ ਕੇ ਵਿਚਰਦੇ ਰਹੇ ਹਨ, ਪਰ ਹੁਣ ਅਸੀਂ ਨਾ ਸਿਰਫ਼ ਪੰਥ ਨੂੰ ਬਲਕਿ ਸਾਰੇ ਸੰਸਾਰ ਨੂੰ ਆਪਣਾ ਰੂਪ ਪ੍ਰਤੱਖ ਕਰਨਾ ਹੈ। ਉਨ੍ਹਾਂ ਪੰਥ ਨੂੰ ਪਹਿਲਾ ਹੁਕਮਨਾਮਾ ਜਾਰੀ ਕੀਤਾ ਕਿ ਸੰਗਤਾਂ ਕੋਲੋਂ ਉਨ੍ਹਾਂ ਨੂੰ ਹਥਿਆਰ, ਘੋੜੇ ਅਤੇ ਜਵਾਨੀ ਦੀਆਂ ਭੇਟਾਵਾਂ ਉਤਮ ਰੂਪ ਵਿੱਚ ਪ੍ਰਵਾਨ ਹੋਣਗੀਆਂ। ਆਪਣੇ ਸਿੱਖਾਂ ਦੀ ਮਾਨਸਿਕ ਅਤੇ ਸਰੀਰਕ ਅਵਸਥਾ ਇਤਨੀ ਉੱਚੀ ਕਰ ਦਿੱਤੀ ਕਿ ਜਦ ਗੁਰੂ ਜੀ ਨੇ ਸਿੱਖਾਂ ਨੂੰ ਚੰਗੀ ਨਸਲ ਦੇ ਘੋੜੇ ਲਿਆਉਣ ਲਈ ਸੰਕੇਤ ਦਿੱਤਾ ਤਾਂ ਅੰਮ੍ਰਿਤਸਰ ਤੋਂ ਘੋੜੇ ਲਿਆਉਣ ਲਈ ਸੈਂਕੜੇ ਸਿੱਖ ਤੁਰ ਪਏ। ਅਜਿਹਾ ਐਲਾਨ ਹਕੂਮਤ ਦੇ ਜ਼ੁਲਮਾਂ ਖਿਲਾਫ ਜੰਗ ਛੇੜਨ ਦਾ ਇਕ ਖੁੱਲ੍ਹਾ ਸੱਦਾ ਸੀ।

ਸ੍ਰੀ ਗੁਰੂ ਹਰਿਗੋਬਿੰਦ ਸਿੰਘ ਜੀ ਦੇ ਇਸ ਹੁਕਮ ਅਨੁਸਾਰ ਸਿੱਖ ਸੰਗਤਾਂ ਹਥਿਆਰਬੰਦ ਹੋ ਕੇ ਦਰਸ਼ਨਾਂ ਨੂੰ ਆਉਣ ਲੱਗੀਆਂ। ਗੁਰੂ ਸਾਹਿਬ ਨੇ ਸਿੱਖ ਸੂਰਬੀਰਾਂ ਨੂੰ ਬਾਬਾ ਬੁੱਢਾ ਜੀ ਦੀ ਦੇਖ-ਰੇਖ 'ਚ ਜੰਗਜੂ ਸੰਘਰਸ਼ ਲਈ ਤਿਆਰ ਕੀਤਾ ਤੇ ਇਨ੍ਹਾਂ ਦੇ ਚਾਰ ਜੱਥੇ ਬਣਾਏ। ਗੁਰੂ ਸਾਹਿਬ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਪਰ ਬੈਠ ਕੇ ਸਿੱਖ ਸੰਗਤਾਂ ਦੇ ਦਰਬਾਰ ਲਗਾਉਣੇ ਸ਼ੁਰੂ ਕਰ ਦਿੱਤੇ। ਸ੍ਰੀ ਅਕਾਲ ਤਖ਼ਤ ਸਾਹਮਣੇ ਕੁਸ਼ਤੀਆਂ, ਜੰਗਜੂ ਕਰਤੱਬ ਵਾਲੀਆਂ ਖੇਡਾਂ ਕਰਵਾਉਣੀਆਂ ਅਰੰਭ ਕਰ ਦਿੱਤੀਆਂ। ਸ੍ਰੀ ਅਕਾਲ ਤਖ਼ਤ ਸਾਹਿਬ ਸਾਹਮਣੇ ਦੋ ਕੇਸਰੀ ਨਿਸ਼ਾਨ ਸਾਹਿਬ ਲਹਿਰਾਏ ਗਏ, ਜੋ ਮੀਰੀ-ਪੀਰੀ ਦੀ ਸ਼ਕਤੀ ਦੇ ਪ੍ਰਤੀਕ ਹਨ।

ਗੁਰੂ ਜੀ ਰੋਜ਼ਾਨਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿੱਖ ਸੰਗਤਾਂ ਦਾ ਦਰਬਾਰ ਲਗਾਉਂਦੇ, ਸਿੱਖਾਂ ਦੇ ਆਪਸੀ ਝਗੜਿਆਂ ਨੂੰ ਸੁਣਿਆਂ ਜਾਂਦਾ ਅਤੇ ਉਨ੍ਹਾਂ ਦਾ ਨਿਬੇੜਾ ਕੀਤਾ ਜਾਂਦਾ। ਇਸ ਦਰਬਾਰ ਨੇ ਸਾਬਤ ਕਰ ਦਿੱਤਾ ਕਿ ਸਿੱਖ ਕੌਮ ਸਿੱਖ ਧਾਰਮਿਕ ਖੇਤਰ ਵਿੱਚ ਸੁਤੰਤਰ ਨਹੀਂ ਸਗੋਂ ਸੰਸਾਰਕ ਮਸਲਿਆਂ ਨੂੰ ਵੀ ਨਜਿੱਠਣ ਦੀ ਸ਼ਕਤੀ ਰੱਖਦੀ ਹੈ। ਇਹ ਗੁਰੂ ਜੀ ਦੀ ਸ਼ਹਾਦਤ ਦਾ ਪ੍ਰਤੀਕਰਮ ਸੀ ਅਤੇ ਸ਼ਹਾਦਤ ਦੇ ਰੂਪ ਵਿੱਚ ਦਿੱਤੇ ਗਏ ਚੈਲੰਜ ਨੂੰ ਪ੍ਰਵਾਨ ਕਰਨ ਦਾ ਐਲਾਨ ਸੀ।

ਜਲਦੀ 500 ਜਵਾਨਾਂ ਦਾ ਸੈਨਿਕ ਜਥਾ ਬਣ ਗਿਆ। ਗੁਰੂ ਸਾਹਿਬ ਨੇ ਅੱਗੋ ਇਨ੍ਹਾਂ ਦੇ ਸੌ-ਸੌ ਦੇ ਪੰਜ ਜਥੇ ਬਣਾ ਕੇ ਭਾਈ ਬਿਧੀ ਚੰਦ, ਭਾਈ ਪੈੜਾ ਜੀ, ਭਾਈ ਜੇਠਾ ਜੀ, ਭਾਈ ਪਿਰਾਣਾ ਜੀ ਤੇ ਭਾਈ ਲੰਗਾਹ ਜੀ ਨੂੰ ਇਕ-ਇਕ ਜਥੇ ਦਾ ਜਥੇਦਾਰ ਥਾਪਿਆ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਲੋਕਾਂ ਦੇ ਝਗੜਿਆਂ ਦਾ ਨਿਪਟਾਰਾ ਕੀਤਾ ਜਾਣ ਲੱਗਾ। ਇਸ ਨਾਲ ਸਿੱਖਾਂ ਵਿਚ ਜਾਗ੍ਰਤੀ ਆਈ। ਮੀਰੀ ਰਾਜ ਦੀ ਸੂਚਕ ਹੈ ਅਤੇ ਪੀਰੀ ਜੋਗ ਦੀ। ਮੀਰੀ ਸੰਸਾਰਕ ਖੇਤਰ ਨਾਲ ਸੰਬੰਧਤ ਹੈ ਅਤੇ ਪੀਰੀ ਅਧਿਆਤਮਕ ਖੇਤਰ ਨਾਲ। ਮੀਰੀ ਸਮਾਜਕ ਜੀਵਨ ਦੇ ਵਿਵਹਾਰਕ ਖੇਤਰ ਦੀ ਅਗਵਾਈ ਕਰਦੀ ਹੈ ਅਤੇ ਪੀਰੀ ਅਧਿਆਤਮਕ ਖੇਤਰ ਦੀ। ਮੀਰੀ ਸਰੀਰਕ ਭੁੱਖ ਦੀ ਪੂਰਤੀ ਕਰਦੀ ਹੈ ਅਤੇ ਪੀਰੀ ਆਤਮਿਕ ਭੁੱਖ ਦੀ। ਆਤਮਿਕ ਪੱਖੋਂ ਸੰਤ ਹੋਣਾ ਪੀਰੀ ਹੈ ਅਤੇ ਧੱਕੇਸ਼ਾਹੀ ਤੇ ਬੇਇਨਸਾਫ਼ੀ ਵਿਰੁੱਧ ਸਿਪਾਹੀ ਬਣਨਾ ਮੀਰੀ ਹੈ। ਮੀਰੀ ਅਤੇ ਪੀਰੀ ਅਧਿਆਤਮਕਤਾ ਤੇ ਸੰਸਾਰਕਤਾ ਦਾ ਸੰਜੋਗ ਹੈ। ਭਗਤੀ ਅਤੇ ਸ਼ਕਤੀ ਦਾ ਸੁਮੇਲ ਹੈ। ਇਹ ਬਲਵਾਨ ਆਤਮਾ ਅਤੇ ਬਲਵਾਨ ਸ਼ਰੀਰ ਦਾ ਸਾਵਾਂ-ਪਨ ਹੈ। ਰੂਹਾਨੀ ਅਤੇ ਜਿਸਮਾਨੀ ਸ਼ਕਤੀ ਦਾ ਸਮਤੋਲ ਹੈ। "ਘਰ ਹੀ ਮਾਹਿ ਉਦਾਸ" ਤੇ "ਅੰਜਨ ਮਾਹਿ ਨਿਰੰਜਨਿ" ਹੋ ਕੇ ਵਿਚਰਨ ਦਾ ਨਿਰਾਲਾ ਮਾਰਗ ਹੈ। ਇਹ ਇਲਾਹੀ ਕੀਰਤਨ ਦੀਆਂ ਧੁਨਾਂ ਨਾਲ ਬੀਰ-ਰਸੀ ਵਾਰਾਂ ਦੀਆਂ ਗੁੰਜਾਰਾਂ ਦਾ ਅਲੌਕਿਕ ਸੁਮੇਲ ਹੈ। ਜਿੱਥੇ ਸਿੱਖੀ ਦੇ ਮੀਰੀ ਪੀਰੀ ਦੇ ਸਿਧਾਂਤ ਮੁਤਾਬਕ ਪਰਉਪਕਾਰ, ਸਰਬੱਤ ਦਾ ਭਲਾ ਮੰਗਣਾ, ਸਰਬੱਤ ਦੀ ਰਾਖੀ ਕਰਨੀ ਅਤੇ ਸਰਬੱਤ ਦੀ ਦੇਖ ਭਾਲ ਕਰਨੀ ਹੈ। ਉੱਥੇ ਮੱਧਕਾਲ ਵਿੱਚ ਧਰਮ ਅਤੇ ਰਾਜਸੱਤਾ ਨੂੰ ਨਿਜੀ ਸ਼ਕਤੀ ਵਧਾਉਣ ਲਈ ਅਤੇ ਨਿਜੀ ਲਾਭ ਲਈ ਵਰਤਿਆ ਗਿਆ।

ਤਾਕਤ ਦੇ ਨਸ਼ੇ ਵਿੱਚ ਪਾਗਲ ਹੋਏ ਬਘਿਆੜਾਂ ਅੱਗੇ ਭੇਡਾਂ ਬਕਰੀਆਂ ਬਣਨ ਦੀ ਥਾਂ, ਗੁਰੂ ਸਾਹਿਬਾਂ ਨੇ ਡਟ ਕੇ ਮੁਕਾਬਲਾ ਕਰਨ ਦਾ ਸਬਕ ਸਿਖਾਇਆ। ਜ਼ੁਲਮ ਸਹਿਣ ਨੂੰ ਕਾਇਰਤਾ ਕਰਾਰ ਦਿੱਤਾ। ਮੀਰੀ ਤੇ ਪੀਰੀ ਦੇ ਸਿਧਾਂਤ ਨੂੰ ਲਿਸ਼ਕਾਉਣ ਪੁਸ਼ਕਾਉਣ ਲਈ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਮੀਰੀ ਤੇ ਪੀਰੀ ਦੀਆਂ ਦੋ ਕ੍ਰਿਪਾਨਾਂ ਪਹਿਨੀਆਂ। ਹਰਿਮੰਦਰ ਸਾਹਿਬ ਦੇ ਸਾਹਮਣੇ ਅਕਾਲ ਤਖਤ ਦੀ ਰਚਨਾ ਕੀਤੀ ਤੇ ਅਕਾਲ ਤਖਤ ਤੇ ਮੀਰੀ ਅਤੇ ਪੀਰੀ ਦੇ ਦੋ ਨਿਸ਼ਾਨ ਸਾਹਿਬ ਝੁਲਾਏ। ••



### ਰਾਜੋਆਣਾ ਨੇ ਭਾਜਪਾ ਦੀ ਸਿੱਖ ਲੀਡਰਸ਼ਿਪ ਦੀ

# ਰਾਜਸੀ ਅਹਿਮੀਅਤ ਅਤੇ ਪ੍ਰਸੰਗਿਕਤਾ ਨੂੰ ਸਵੀਕਾਰਿਆ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਵੀਰਵਾਰ ਨੂੰ ਕਿਹਾ ਕਿ ਬਲਵੰਤ ਸਿੰਘ ਰਾਜੋਆਣਾ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਲਿਖੇ ਤਾਜ਼ਾ ਪੱਤਰ ਤੋਂ ਇਹ ਸਪਸ਼ਟ ਸੰਕੇਤ ਮਿਲਦਾ ਹੈ ਕਿ ਉਨ੍ਹਾਂ ਨੇ ਕੇਂਦਰ ਸਰਕਾਰ ਨਾਲ ਜੁੜੇ ਮਾਮਲਿਆਂ ਅਤੇ ਸੰਵਿਧਾਨਕ ਪ੍ਰਕਿਰਿਆ ਵਿੱਚ ਭਾਜਪਾ ਦੀ ਸਿੱਖ ਲੀਡਰਸ਼ਿਪ ਦੀ ਰਾਜਸੀ ਅਹਿਮੀਅਤ ਅਤੇ ਪ੍ਰਸੰਗਿਕਤਾ ਨੂੰ ਸਵੀਕਾਰਿਆ ਹੈ।





ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਭਾਜਪਾ ਦੇ ਪ੍ਰਮੁੱਖ ਸਿੱਖ ਆਗੂਆਂ ਨੂੰ ਤਲਬ ਕਰਕੇ 2019 ਦੇ ਨੋਟੀਫ਼ਿਕੇਸ਼ਨ ਅਤੇ ਮਰਸੀ ਪਟੀਸ਼ਨ ਸਬੰਧੀ ਜਵਾਬ ਮੰਗਣ ਦੀ ਰਾਜੋਆਣਾ ਦੀ ਅਪੀਲ ਇਸ ਗੱਲ ਨੂੰ ਦਰਸਾਉਂਦੀ ਹੈ ਕਿ ਉਹ ਕੇਂਦਰ ਸਰਕਾਰ ਨਾਲ ਸੰਵਾਦ ਅਤੇ ਸੰਵਿਧਾਨਕ ਪ੍ਰਕਿਰਿਆ ਨੂੰ ਅੱਗੇ ਵਧਾਉਣ ਵਿੱਚ ਭਾਜਪਾ ਦੀ ਸਿੱਖ ਲੀਡਰਸ਼ਿਪ ਦੀ ਭੂਮਿਕਾ ਨੂੰ ਮਹੱਤਵਪੂਰਨ ਮੰਨਦੇ ਹਨ। ਉਨ੍ਹਾਂ ਕਿਹਾ ਕਿ ਇਸ ਪੱਤਰ ਦੀ ਸਮਗਰੀ ਅਕਾਲੀ ਲੀਡਰਸ਼ਿਪ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਪ੍ਰਤੀ ਰਾਜੋਆਣਾ ਦੇ ਮੋਹ-ਭੰਗ ਨੂੰ ਵੀ ਦਰਸਾਉਂਦੀ ਹੈ। ਹਾਲਾਂਕਿ, ਉਨ੍ਹਾਂ ਵੱਲੋਂ ਲਗਾਏ ਗਏ ਦੋਸ਼ ਆਪਣੇ ਆਪ ਵਿੱਚ ਸਥਾਪਿਤ ਤੱਥ ਨਹੀਂ ਬਣ ਜਾਂਦੇ।

**ਭਾਜਪਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ, ਮਰਿਆਦਾ ਅਤੇ ਸਿੱਖ ਸੰਸਥਾਵਾਂ ਦਾ ਪੂਰਾ ਸਤਿਕਾਰ ਕਰਦੀ ਹੈ**

ਪ੍ਰੋ. ਖਿਆਲਾ ਨੇ ਕਿਹਾ ਕਿ ਰਾਜੋਆਣਾ ਵੱਲੋਂ ਪਿਛਲੇ ਕਈ ਸਾਲਾਂ ਦੌਰਾਨ ਲਿਖੀਆਂ ਗਈਆਂ ਲਗਾਤਾਰ ਚਿੱਠੀਆਂ ਤੋਂ ਇਹ ਵੀ ਸਪੱਸ਼ਟ ਹੁੰਦਾ ਹੈ ਕਿ ਉਹ ਮਰਸੀ ਪਟੀਸ਼ਨ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਲੀਡਰਸ਼ਿਪ ਨੂੰ ਨਾਕਾਮ ਮੰਨਦੇ ਹਨ। ਉਹ ਪਹਿਲਾਂ ਵੀ ਅਕਾਲੀ ਲੀਡਰਸ਼ਿਪ ਨੂੰ ਆਪਣੇ ਕੌਮੀ ਫ਼ਰਜ਼ ਨਿਭਾਉਣ ਵਿੱਚ ਕੁਤਾਹੀ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੰਥ ਤੋਂ ਮੁਆਫ਼ੀ ਮੰਗਣ ਲਈ ਕਹਿ ਚੁੱਕੇ ਹਨ। ਇਸ ਤੋਂ ਇਲਾਵਾ, ਉਹ ਤੋਪਾਂ ਟੈਂਕਾਂ ਨਾਲ ਸ੍ਰੀ ਅਕਾਲ ਤਖ਼ਤ ਨੂੰ ਢਹਿ ਢੇਰੀ ਕਰਨ ਲਈ ਜ਼ਿੰਮੇਵਾਰ ਕਾਂਗਰਸ ਦੇ ਆਗੂਆਂ ਨਾਲ ਅਕਾਲੀ ਆਗੂਆਂ ਦੀ ਨੇੜਤਾ 'ਤੇ ਵੀ ਜਨਤਕ ਤੌਰ 'ਤੇ ਤਿੱਖੀ ਆਲੋਚਨਾ ਕਰ ਚੁੱਕੇ ਹਨ। ਦੂਜੇ ਪਾਸੇ ਰਾਜੋਆਣਾ ਹਿੰਦੂ-ਸਿੱਖ ਏਕਤਾ, ਸਜਣ ਕੁਮਾਰ ਨੂੰ ਸਜ਼ਾ ਦਿਵਾਉਣ ਅਤੇ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪਹਿਲ ਦੀ ਸ਼ਲਾਘਾ ਕਰ ਚੁੱਕੇ ਹਨ।

**ਵਿਚਾਰ ਆਪੋ-ਆਪਣਾ**

ਭਾਜਪਾ ਦਾ ਪੱਖ ਦੁਹਰਾਉਂਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਪਾਰਟੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ, ਮਰਿਆਦਾ, ਪਰੰਪਰਾਵਾਂ ਅਤੇ ਸਮੂਹ ਸਿੱਖ ਸੰਸਥਾਵਾਂ ਦਾ ਸਨਮਾਨ-ਸਤਿਕਾਰ ਕਰਦੀ ਹੈ। ਉਨ੍ਹਾਂ ਕਿਹਾ, "ਰਾਜੋਆਣਾ ਦੇ ਪੱਤਰ 'ਤੇ ਕੋਈ ਵੀ ਫ਼ੈਸਲਾ ਲੈਣਾ ਪੂਰੀ ਤਰ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਖੇਤਰ ਦਾ ਵਿਸ਼ਾ ਹੈ। ਭਾਜਪਾ ਇਸ ਵਿਸ਼ੇ 'ਤੇ ਕੋਈ ਟਿੱਪਣੀ ਨਹੀਂ ਕਰਨਾ ਚਾਹੁੰਦੀ। ਇਸ ਦੇ ਨਾਲ ਹੀ ਭਾਜਪਾ ਦੀ ਸਿੱਖ ਲੀਡਰਸ਼ਿਪ ਸੰਵਿਧਾਨਕ ਮਰਿਆਦਾਵਾਂ ਅਤੇ ਸਿੱਖ ਧਾਰਮਿਕ ਸੰਸਥਾਵਾਂ ਦੇ ਸਤਿਕਾਰ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਸਦਾ ਵਚਨਬੱਧ ਰਹੇਗੀ।"

ਉਨ੍ਹਾਂ ਕਿਹਾ ਕਿ 2019 ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਭਾਰਤ ਸਰਕਾਰ ਨੇ ਨੌਂ ਸਿੱਖ ਕੈਦੀਆਂ ਸਬੰਧੀ ਇੱਕ ਨੋਟੀਫ਼ਿਕੇਸ਼ਨ ਜਾਰੀ ਕੀਤਾ ਸੀ, ਜਿਸ ਤਹਿਤ ਛੇ ਸਿੱਖ ਕੈਦੀ ਰਿਹਾਅ ਕੀਤੇ ਜਾ ਚੁੱਕੇ ਹਨ। ਜਦਕਿ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਦਾ ਪ੍ਰਸਤਾਵ ਭਾਰਤ ਦੇ ਸੰਵਿਧਾਨ ਦੇ ਆਰਟੀਕਲ 72 ਤਹਿਤ ਪ੍ਰਕਿਰਿਆ ਵਿੱਚ ਲਿਆਂਦਾ ਗਿਆ ਸੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਰਿਹਾਈ ਦਾ ਹੁਕਮ ਨਹੀਂ ਸੀ, ਸਗੋਂ ਸੰਵਿਧਾਨਕ ਪ੍ਰਕਿਰਿਆ ਦੀ ਸ਼ੁਰੂਆਤ ਸੀ।

ਪ੍ਰੋ. ਖਿਆਲਾ ਨੇ ਕਿਹਾ, "ਰਾਸ਼ਟਰਪਤੀ ਕੋਲ ਲੰਬਿਤ ਮਰਸੀ ਪਟੀਸ਼ਨ ਅਤੇ ਅਦਾਲਤਾਂ ਵਿੱਚ ਚੱਲ ਰਹੀਆਂ ਕਾਰਵਾਈਆਂ ਨੂੰ ਨਜ਼ਰਅੰਦਾਜ਼ ਕਰਕੇ ਕੋਈ ਵੀ ਸਰਕਾਰ ਇਕਪੱਖੀ ਫ਼ੈਸਲਾ ਨਹੀਂ ਕਰ ਸਕਦੀ। ਅਜਿਹੇ ਮਾਮਲਿਆਂ ਦਾ ਨਿਪਟਾਰਾ ਸੰਵਿਧਾਨ ਅਤੇ ਕਾਨੂੰਨ ਦੇ ਰਾਜ ਅਨੁਸਾਰ ਹੀ ਕੀਤਾ ਜਾ ਸਕਦਾ ਹੈ।"

ਆਪਣਾ ਨਿੱਜੀ ਮਤ ਪ੍ਰਗਟ ਕਰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੇ ਅਸ਼ਾਂਤ ਦੌਰ ਨਾਲ ਜੁੜੇ ਕਈ ਸਿੱਖ ਕੈਦੀ ਆਮ ਪਰਿਵਾਰਾਂ ਨਾਲ ਸਬੰਧਤ ਸਨ ਅਤੇ ਉਨ੍ਹਾਂ ਵਿੱਚੋਂ ਕਈਆਂ ਦਾ ਕੋਈ ਅਪਰਾਧਿਕ ਪਿਛੋਕੜ ਨਹੀਂ ਸੀ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਸਰਕਾਰਾਂ ਦੀਆਂ ਪੰਜਾਬ ਅਤੇ ਸਿੱਖ ਵਿਰੋਧੀ ਨੀਤੀਆਂ ਅਤੇ ਉਸ ਸਮੇਂ ਦੇ ਹਾਲਾਤਾਂ ਨੇ ਅਨੇਕਾਂ ਨੌਜਵਾਨਾਂ ਨੂੰ ਹਿੰਸਾ ਦੇ ਰਾਹ ਵੱਲ ਧੱਕਿਆ। ਇਸ ਲਈ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਅਜਿਹੇ ਕੈਦੀਆਂ ਦੇ ਮਾਮਲਿਆਂ 'ਤੇ ਮਾਨਵੀ ਆਧਾਰ 'ਤੇ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਖ਼ੁਦ ਰਾਜੋਆਣਾ ਅੱਜ ਵੀ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੇ ਹੱਕ ਵਿੱਚ ਦਾਇਰ ਕੀਤੀ ਗਈ ਮਰਸੀ ਪਟੀਸ਼ਨ ਦੇ ਮੂਲ ਭਾਵਨਾ ਨੂੰ ਸਵੀਕਾਰ ਨਹੀਂ ਕਰਦੇ। ਉਹ ਕਈ ਵਾਰ ਕਹਿ ਚੁੱਕੇ ਹਨ ਕਿ ਨਾ ਉਨ੍ਹਾਂ ਨੇ ਮਰਸੀ ਪਟੀਸ਼ਨ ਦਾਇਰ ਕਰਨ ਲਈ ਕਿਹਾ, ਨਾ ਫਾਂਸੀ 'ਤੇ ਰੋਕ ਲਗਾਉਣ ਦੀ ਮੰਗ ਕੀਤੀ ਅਤੇ ਨਾ ਹੀ ਕਦੇ ਦਇਆ ਦੀ ਅਪੀਲ ਕੀਤੀ।

ਪ੍ਰੋ. ਖਿਆਲਾ ਨੇ ਕਿਹਾ ਕਿ ਰਾਜੋਆਣਾ ਨੇ ਸ਼ੁਰੂ ਤੋਂ ਹੀ ਭਾਰਤੀ ਨਿਆਂ ਪ੍ਰਣਾਲੀ 'ਤੇ ਅਵਿਸ਼ਵਾਸ ਪ੍ਰਗਟ ਕਰਦਿਆਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਅਪੀਲ ਕਰਨ ਅਤੇ ਆਪਣੇ ਬਚਾਅ ਲਈ ਵਕੀਲ ਰੱਖਣ ਤੋਂ ਇਨਕਾਰ ਕਰ ਦਿੱਤਾ ਸੀ। ਇਸ ਦੇ ਉਲਟ, ਇਸੇ ਮਾਮਲੇ ਵਿੱਚ ਸਹਿ-ਦੋਸ਼ੀ ਜਗਤਾਰ ਸਿੰਘ ਹਵਾਰਾ ਨੇ ਕਾਨੂੰਨੀ ਰਾਹ ਅਪਣਾਇਆ, ਜਿਸ ਤੋਂ ਬਾਅਦ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਉਨ੍ਹਾਂ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰ ਦਿੱਤਾ।

ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਦਾ ਸਪੱਸ਼ਟ ਮਤ ਹੈ ਕਿ ਰਾਜੋਆਣਾ ਵਰਗੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਮਨੁੱਖੀ ਪੱਖ, ਨਿਆਂ ਅਤੇ ਕਾਨੂੰਨ ਦੇ ਰਾਜ ਵਿਚਕਾਰ ਸੰਤੁਲਨ ਬਣਾਈ ਰੱਖਦਿਆਂ ਹੀ ਸੰਵਿਧਾਨਕ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੱਲ ਕੱਢਿਆ ਜਾਣਾ ਚਾਹੀਦਾ ਹੈ।

### ਨਜਾਇਜ ਸ਼ਰਾਬ ਦਾ ਹਵਾਲਾ ਦੇ ਕੇ ਸ਼ਰਾਬ ਦੇ ਠੇਕੇ ਦੇ ਕਰਿੰਦੇ ਤੇ ਪੁਲਿਸ ਨੇ ਮਾਰਿਆ ਛਾਪਾ, ਖਾਲੀ ਹੱਥ ਪਰਤਨ 'ਤੇ ਹੋਏ ਸ਼ਰਮਿੰਦੇ


# ਪੀੜ੍ਹਤ ਵੱਲੋਂ ਡੀਸੀ ਤੇ ਪੁਲਿਸ ਕਮਿਸ਼ਨਰ ਨੂੰ ਅਕਸ ਖਰਾਬ ਕਰਨ ਵਾਲਿਆਂ ਖਿਲਾਫ ਕਾਰਵਾਈ ਲਈ ਦਿੱਤੀ ਸ਼ਿਕਾਇਤ

**ਅੰਮ੍ਰਿਤਸਰ ਜੰਡਿਆਲਾ ਗੁਰੂ 23 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਨਜਾਇਜ ਸ਼ਰਾਬ ਦਾ ਹਵਾਲਾ ਦੇ ਕੇ ਸ਼ਰਾਬ ਦੇ ਠੇਕੇ ਦੇ ਕਰਿੰਦੇ ਤੇ ਪੁਲਿਸ ਨੇ ਕ੍ਰਿਸ਼ਨਾ ਨਗਰ ਮੇਨ ਗਲੀ 'ਚ ਸਥਿਤ ਇਕ ਪੱਤਰਕਾਰ ਦੇ ਘਰ ਦਾ ਮੇਨ ਦਰਵਾਜ਼ਾ ਦਿਨ ਚੜਦੇ ਹੀ ਖੜਕਾਇਆ। ਘਰ ਦੇ ਮਾਲਕ ਬਲਰਾਜ ਸਿੰਘ ਨੇ ਦੱਸਿਆ ਕਿ ਜਦੋਂ ਬਾਹਰ ਜਾ ਕੇ ਵੇਖਿਆ ਤਾਂ ਪੁਲਿਸ ਮੁਲਾਜ਼ਮਾਂ ਨਾਲ ਆਏ ਤਿੰਨ ਕਰਿੰਦਿਆਂ ਨੇ ਉੱਚੀ ਸੁਰ 'ਚ ਕਿਹਾ ਐਕਸਾਇਜ਼ ਵਾਲੇ ਹਾਂ 'ਤੇ ਘਰ ਦੀ ਤਲਾਸ਼ੀ ਲੈਣੀ, ਤੁਹਾਡੇ ਘਰ ਵਿਚ ਨਜਾਇਜ ਸ਼ਰਾਬ ਦੀਆਂ ਪੇਟੀਆਂ ਹਨ। ਜਦੋਂ ਤਿੰਨਾਂ ਕਰਿਦਿਆਂ ਤੋਂ ਬਾਰ-ਬਾਰ ਉਹਨਾਂ ਦੀ ਪਛਾਣ ਜਾਣਨੀ ਤਾਂ ਕੋਈ ਜਵਾਬ ਨਾ ਦਿੱਤਾ। ਉਨ੍ਹਾਂ ਦੱਸਿਆ ਕਿ ਨਜ਼ਦੀਕੀ ਥਾਣੇ ਦੇ ਤਿੰਨ ਪੁਲਿਸ ਮੁਲਾਜ਼ਮ ਨਾਲ ਹੋਣ ਕਾਰਨ ਕਰਿੰਦਿਆਂ ਨੂੰ ਤਲਾਸ਼ੀ ਲਈ ਸਹਿਮਤੀ ਦੇ ਦਿੱਤੀ। ਕਰਿੰਦਿਆਂ ਨੇ ਘਰ ਦੇ ਹੇਠਲੇ ਤਿੰਨ ਕਮਰਿਆਂ ਅਤੇ ਉੱਪਰਲੇ ਛੱਤ ਦੇ ਦੋ ਕਮਰਿਆਂ ਦੇ ਬੈੱਡ, ਅਲਮਾਰੀਆਂ, ਦਰਾਜ, ਬੱਚਿਆਂ ਦੀਆਂ ਕਿਤਾਬਾਂ ਵਾਲੀਆਂ ਅਮਲਮਾਰੀਆਂ ਅਤੇ ਬਾਥਰੂਮਾਂ ਤੱਕ ਦੀ ਤਲਾਸ਼ੀ ਦੋਰਾਨ ਸਮਾਨ ਬੁਰੀ ਤਰ੍ਹਾਂ ਖਿਲਾਰ ਦਿੱਤਾ। ਜਦੋਂ ਕੁਝ ਵੀ ਨਜਾਇਜ ਵਸਤੂ ਨਾ ਮਿਲਣ ਕਾਰਨ ਇਸ ਵਰਤਾਰੇ ਦਾ ਵਿਰੋਧ ਕੀਤਾ ਤਾਂ ਮਾੜੇ ਵਤੀਰੇ 'ਤੇ ਉੱਤਰ ਆਏ। ਹੈਂਡੀਕੈਪਡ ਹੋਣ ਕਾਰਨ ਚੁੱਪ ਰਹਿਣਾ ਬਿਹਤਰ ਸਮਝਿਆ ਅਤੇ ਐਕਸਾਇਜ਼ ਇੰਪੈਕਟਰ ਨੂੰ ਮੌਕੇ ਬਲਾਉਣ ਲਈ ਕਿਹਾ। ਜਦੋਂ ਤਲਾਸ਼ੀ ਦੋਰਾਨ ਕਰਿੰਦਿਆਂ ਦੇ ਹੱਥ ਕੁਝ ਨਾ ਲੱਗਾ ਤਾਂ ਸ਼ਰਮਿਦਗੀ ਮਹਿਸੂਸ ਕਰਦੇ ਘਰੋਂ ਖਿਸਕਣ ਲਗੇ ਪਰ ਇਲਾਕੇ ਦੇ ਸਹਿਯੋਗ ਨਾਲ ਰੋਕ ਲਿਆ ਗਿਆ। ਆਸ-ਪਾਸ ਦੇ ਲੋਕਾਂ ਨੇ ਵੀ ਇਨ੍ਹਾਂ ਦਾ ਘਰ ਜਬਰੀ ਅੰਦਰ ਦਾਖਲ ਹੋਣ ਅਤੇ ਬਦਸਲੂਕੀ ਦਾ ਵਿਰੋਧ ਕੀਤਾ। ਕੁਲਦੀਪ ਸਿੰਘ, ਗੋਰਾ, ਪਰਮਿੰਦਰ ਸਿੰਘ, ਯਾਦਵਿੰਦਰ ਸਿੰਘ, ਮਨੀਸ਼ ਮੰਨ ਸੋਨੂੰ, ਜਸ਼ਨਦੀਪ ਸਿੰਘ, ਹੰਸ ਰਾਜ, ਪਲਵਿੰਦਰ ਸਿੰਘ ਨੇ ਐਕਸਾਇਜ਼ ਇੰਸਪੈਕਟਰ ਦੇ ਇਸ ਵਰਤਾਰੇ ਦਾ ਸਖਤ ਵਿਰੋਧ ਕਰਦੇ ਕਿਹਾ ਕਿ ਕਿਸੇ ਘਰ ਪੂਰੀ ਪੜਤਾਲ ਤੋਂ ਬਾਅਦ ਦਾਖਲ ਹੋਣਾ ਚਾਹੀਦਾ ਹੈ। ਐਕਸਾਇਜ਼ ਇੰਸਪੈਕਟਰ ਗਲਤੀ ਮੰਨਦਾ ਹੋਇਆ ਵਾਪਸ ਚੱਲਾ ਗਿਆ। ਜਿਸ ਦੀ ਇਲਾਕੇ 'ਚ ਸਖਤ ਨਿਖੇਧੀ ਕੀਤੀ ਜਾ ਰਹੀ ਹੈ। ਇਸ ਸਬੰਧੀ ਬਲਰਾਜ ਸਿੰਘ ਨੇ ਵਫਦ ਦੇ ਰੂਪ 'ਚ ਐਕਸਾਇਜ਼ ਇੰਸਪੈਕਟਰ ਗੁਰਜੀਤ ਸਿੰਘ ਅਤੇ ਤਿੰਨ ਅਣਪਛਾਤੇ ਕਰਿੰਦਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਲਈ ਡਿਪਟੀ ਕਮਿਸ਼ਨਰ, ਪੁਲਿਸ ਕਮਿਸ਼ਨਰ ਨੂੰ ਲਿਖਤੀ ਸ਼ਿਕਾਇਤ ਦੇ ਕੇ ਕਾਰਵਾਈ ਦੀ ਮੰਗ ਕੀਤੀ ਹੈ। ਨਰਿੰਦਰ ਬੱਲ ਭਾਰਤੀ ਕਮਿਊਨਿਸਟ ਪਾਰਟੀ ਮੈਂਬਰ ਸਟੇਟ ਕੋਂਸਲ ਅਤੇ ਬਲਾਕ ਕਾਂਗਰਸ ਕਮੇਟੀ ਪ੍ਰਧਾਨ ਨਵਦੀਪ ਹੁੰਦਲ ਨੇ ਬਲਰਾਜ ਸਿੰਘ ਦੇ ਘਰ ਜਬਰੀ ਅੰਦਰ ਵੜ ਕੇ ਉਪਰੋਕਤ ਇਸ ਕਰੂਰਤਾ ਭਰੇ ਵਰਤਾਰੇ ਦੀ ਸਖਤ ਸ਼ਬਦਾਂ 'ਚ ਨਿਖਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਸਾਫ ਜ਼ਾਹਿਰ ਹੈ ਕਿ ਨਸ਼ਿਆਂ ਨੂੰ ਉਤਸ਼ਾਹ ਕਰ ਰਹੀ ਪੰਜਾਬ ਸਰਕਾਰ ਅਸਫਲਤਾ ਦੇ ਰਾਹ ਤੁਰ ਪਈ ਹੈ। ਜਿੱਥੇ ਲੋਕਾਂ ਦੀ ਆਵਾਜ਼ ਚੁੱਕਣ ਵਾਲੇ ਪੱਤਰਕਾਰਾਂ ਦੀ ਅਵਾਜ ਨੂੰ ਦੱਬਣ ਲਈ ਕੋਝੀਆਂ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ, ਉਥੇ ਆਮ ਆਦਮੀ ਦਾ ਕੀ ਹਾਲ ਹੋਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ ਅਕਾਲੀ ਦਲ ਵਾਰਿਸ ਵੱਲੋਂ ਵਿਦਿਆਰਥੀਆਂ ਉਤੇ ਹੋਏ ਲਾਠੀਚਾਰਜ ਦੀ ਕੀਤੀ ਨਿੰਦਾ



**ਚੌਕ ਮਹਿਤਾ 23 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**- ਜੰਤਰ-ਮੰਤਰ ਤੋਂ ਸੰਸਦ ਭਵਨ ਵੱਲ ਮਾਰਚ ਕਰ ਰਹੇ ਸ਼ਾਂਤਮਈ ਵਿਦਿਆਰਥੀਆਂ ਅਤੇ ਨੌਜਵਾਨਾਂ 'ਤੇ ਦਿੱਲੀ ਪੁਲਿਸ ਦੁਆਰਾ ਕੀਤੇ ਗਏ ਲਾਠੀਚਾਰਜ ਅਤੇ ਅੱਥਰੂ ਗੈਸ ਦੇ ਗੋਲੇ ਛੱਡਣ ਦੀ ਘਟਨਾ ਦੀ 'ਅਕਾਲੀ ਦਲ ਵਾਰਿਸ ਪੰਜਾਬ ਹਲਕਾ ਜੰਡਿਆਲਾ ਗੁਰੂ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਦੇ ਵੱਲੋਂ ਤਿੱਖੀ ਆਲੋਚਨਾ ਕੀਤੀ ਗਈ ਹੈ। ਇਸ ਕਾਰਵਾਈ ਵਿੱਚ ਕਈ ਪ੍ਰਦਰਸ਼ਨਕਾਰੀ ਵਿਦਿਆਰਥੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਹਨ। ਇਸ ਘਟਨਾ ਬਾਰੇ ਆਪਣਾ ਰੋਸ ਪ੍ਰਗਟਾਉਂਦੇ ਹੋਏ ਉਨ੍ਹਾਂ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਨਾਗਰਿਕ ਨੂੰ ਸ਼ਾਂਤੀਪੂਰਨ ਢੰਗ ਨਾਲ ਆਪਣਾ ਵਿਰੋਧ ਦਰਜ ਕਰਵਾਉਣ ਅਤੇ ਆਵਾਜ਼ ਬੁਲੰਦ ਕਰਨ ਦਾ ਸੰਵਿਧਾਨਕ ਹੱਕ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ "ਜੇਕਰ ਦੇਸ਼ ਦੇ ਵਿਦਿਆਰਥੀ ਅਤੇ ਨੌਜਵਾਨ ਆਪਣੇ ਸੁਨਹਿਰੀ ਭਵਿੱਖ ਅਤੇ ਹੱਕਾਂ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਸਰਕਾਰ ਤੋਂ ਸਵਾਲ ਪੁੱਛ ਰਹੇ ਹਨ, ਤਾਂ ਉਨ੍ਹਾਂ ਦੀ ਗੱਲ ਸੁਣਨ ਦੀ ਬਜਾਏ ਪੁਲਿਸ ਬਲ ਦੀ ਵਰਤੋਂ ਕਰਕੇ ਉਨ੍ਹਾਂ ਦੀ ਆਵਾਜ਼ ਦਬਾਉਣਾ ਬੇਹੱਦ ਮੰਦਭਾਗਾ ਹੈ।" ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਆਵਾਜ਼ ਨੂੰ ਲਾਠੀਆਂ ਦੇ ਜ਼ੋਰ 'ਤੇ ਦਬਾਉਣ ਦੀ ਥਾਂ ਸਰਕਾਰ ਲੋਕਤੰਤਰੀ ਤਰੀਕੇ ਨਾਲ ਗੱਲਬਾਤ ਰਾਹੀਂ ਮਸਲਿਆਂ ਦਾ ਹੱਲ ਕੱਢੇ। ਇਸ ਮੌਕੇ ਤੇ ਸੰਤ ਬਾਬਾ ਬਿਬੇਕ ਸਿੰਘ ਜੀ ਨੇ ਮੰਗ ਕੀਤੀ ਕਿ ਲਾਠੀਚਾਰਜ ਵਿੱਚ ਜ਼ਖ਼ਮੀ ਹੋਏ ਸਾਰੇ ਵਿਦਿਆਰਥੀਆਂ ਨੂੰ ਤੁਰੰਤ ਵਧੀਆ ਤੋਂ ਵਧੀਆ ਸਿਹਤ ਸਹੂਲਤਾਂ/ਇਲਾਜ ਮੁਹੱਈਆ ਕਰਵਾਇਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਜੰਤਰ-ਮੰਤਰ ਤੋਂ ਸਰਨਾ ਦਾ ਕੇਂਦਰ 'ਤੇ ਸਿੱਧਾ ਹਮਲਾ, ਕਿਹਾ ਨੌਜਵਾਨਾਂ ਦੀ ਆਵਾਜ਼ ਦਬਾਉਣੀ ਬੰਦ ਕਰ, ਮੰਗਾਂ ਤੁਰੰਤ ਹੱਲ ਕਰੋ



**ਨਵੀਂ ਦਿੱਲੀ, 23 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਜੰਤਰ-ਮੰਤਰ 'ਤੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਲਗਾਤਾਰ ਸ਼ਾਂਤਮਈ ਧਰਨਾ ਦੇ ਰਹੇ ਵਿਦਿਆਰਥੀਆਂ ਦੇ ਸਮਰਥਨ ਵਿੱਚ ਸ਼੍ਰੋਮਣੀ ਅਕਾਲੀ ਦਲ (ਦਿੱਲੀ) ਦੇ ਸੀਨੀਅਰ ਆਗੂ ਪਰਮਜੀਤ ਸਿੰਘ ਸਰਨਾ ਪਹੁੰਚੇ। ਵਿਦਿਆਰਥੀਆਂ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਕੇਂਦਰ ਸਰਕਾਰ ਨੂੰ ਤਿੱਖੇ ਸ਼ਬਦਾਂ ਵਿੱਚ ਘੇਰਿਆ ਅਤੇ ਕਿਹਾ ਕਿ ਹੱਕ ਮੰਗ ਰਹੇ ਨੌਜਵਾਨਾਂ ਦੀ ਆਵਾਜ਼ ਦਬਾਉਣ ਦੀ ਬਜਾਏ ਉਨ੍ਹਾਂ ਨਾਲ ਤੁਰੰਤ ਸੰਵਾਦ ਕਰਕੇ ਜਾਇਜ਼ ਮੰਗਾਂ ਦਾ ਹੱਲ ਕੀਤਾ ਜਾਵੇ। ਸਰਨਾ ਨੇ ਕਿਹਾ ਗੁਰਦੁਆਰਾ ਸਾਹਿਬ ਦੇ ਦਰਵਾਜ਼ੇ ਵਿਦਿਆਰਥੀਆਂ ਲਈ ਪਹਿਲਾਂ ਤੋਂ ਹੀ ਖੁੱਲ੍ਹੇ ਹੋਏ ਹਨ ਅਤੇ ਸਾਡੇ ਘਰਾਂ ਦੇ ਦਰਵਾਜ਼ੇ ਵੀ ਉਨ੍ਹਾਂ ਲਈ ਹਰ ਵੇਲੇ ਖੁੱਲ੍ਹੇ ਹਨ। ਤੁਸੀਂ ਇਕੱਲੇ ਨਹੀਂ ਹੋ, ਅਸੀਂ ਹਰ ਪਲ ਤੁਹਾਡੇ ਨਾਲ ਡਟ ਕੇ ਖੜ੍ਹੇ ਹਾਂ। ਕੇਂਦਰ ਸਰਕਾਰ 'ਤੇ ਸਿੱਧਾ ਨਿਸ਼ਾਨਾ ਸਾਧਦਿਆਂ ਸਰਨਾ ਨੇ ਕਿਹਾ ਕਿ ਜੇ ਹਜ਼ਾਰਾਂ ਨੌਜਵਾਨ ਆਪਣੇ ਹੱਕਾਂ ਲਈ ਸੜਕਾਂ 'ਤੇ ਬੈਠਣ ਲਈ ਮਜਬੂਰ ਹਨ ਤਾਂ ਇਹ ਸਰਕਾਰ ਦੀ ਨਾਕਾਮੀ ਦਾ ਸਭ ਤੋਂ ਵੱਡਾ ਸਬੂਤ ਹੈ। ਲੋਕਤੰਤਰ ਵਿੱਚ ਆਵਾਜ਼ ਸੁਣੀ ਜਾਂਦੀ ਹੈ, ਦਬਾਈ ਨਹੀਂ ਜਾਂਦੀ। ਸਰਕਾਰ ਜ਼ਿੱਦ ਛੱਡੇ ਅਤੇ ਵਿਦਿਆਰਥੀਆਂ ਦੀਆਂ ਜਾਇਜ਼ ਮੰਗਾਂ 'ਤੇ ਤੁਰੰਤ ਫ਼ੈਸਲਾ ਲਵੇ। ਉਨ੍ਹਾਂ ਕਿਹਾ ਕਿ ਸਰਕਾਰ ਲਈ ਇਹ ਸਮਾਂ ਟਕਰਾਅ ਦਾ ਨਹੀਂ, ਸਗੋਂ ਸੰਵਾਦ ਦਾ ਹੈ। ਜੇਕਰ ਫਿਰ ਵੀ ਨੌਜਵਾਨਾਂ ਦੀਆਂ ਆਵਾਜ਼ਾਂ ਨੂੰ ਅਣਸੁਣਿਆ ਕੀਤਾ ਗਿਆ ਤਾਂ ਇਸ ਨਾਲ ਸਰਕਾਰ ਦੀ ਨੀਅਤ ਅਤੇ ਲੋਕਤੰਤਰ ਪ੍ਰਤੀ ਉਸਦੀ ਵਚਨਬੱਧਤਾ 'ਤੇ ਗੰਭੀਰ ਸਵਾਲ ਖੜ੍ਹੇ ਹੋਣਗੇ। ਸਰਨਾ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਅੰਦੋਲਨ ਪੂਰੀ ਤਰ੍ਹਾਂ ਸ਼ਾਂਤਮਈ, ਅਨੁਸ਼ਾਸਿਤ ਅਤੇ ਅਹਿੰਸਕ ਰੱਖਣ। ਕਿਸੇ ਵੀ ਤਰ੍ਹਾਂ ਦੇ ਉਕਸਾਵੇ ਜਾਂ ਭੜਕਾਹਟ ਵਿੱਚ ਨਾ ਆਉਣ ਅਤੇ ਆਪਣੀ ਸੰਵਿਧਾਨਕ ਲੜਾਈ ਉਦੋਂ ਤੱਕ ਜਾਰੀ ਰੱਖਣ, ਜਦੋਂ ਤੱਕ ਉਨ੍ਹਾਂ ਨੂੰ ਇਨਸਾਫ਼ ਨਹੀਂ ਮਿਲ ਜਾਂਦਾ। ਇਸ ਮੌਕੇ ਸਰਨਾ ਨੇ ਵਿਦਿਆਰਥੀ ਆਗੂ ਅਭਿਜੀਤ ਦੀਪਿਕੇ ਨੂੰ ਦਸਤਾਰ ਸਜਾ ਕੇ ਉਸ ਦਾ ਹੌਸਲਾ ਵਧਾਇਆ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਨਿਆਂਪੂਰਨ ਲੜਾਈ ਵਿੱਚ ਉਹ ਅਤੇ ਉਨ੍ਹਾਂ ਦੀ ਪਾਰਟੀ ਹਰ ਪੜਾਅ 'ਤੇ ਉਨ੍ਹਾਂ ਦੇ ਨਾਲ ਡਟ ਕੇ ਖੜ੍ਹੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

ਸ੍ਰ: ਡੀ ਪੀ ਸਿੰਘ ਜੀ ਨੂੰ 73 ਵੇਂ ਜਨਮਦਿਨ ਮੌਕੇ ਬਹੁਤ ਬਹੁਤ ਮੁਬਾਰਕਾਂ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)


ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮੀਰੀ ਪੀਰੀ ਦਿਵਸ

## 25 ਅਤੇ 26 ਜੁਲਾਈ ਨੂੰ

## ਮਹਾਨ ਗੁਰਮਤਿ ਸਮਾਗਮ

ਮੀਰੀ ਪੀਰੀ ਦਿਵਸ : ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਸ਼ਨਿੱਚਰਵਾਰ 25 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 26 ਜੁਲਾਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30ਵਜੇ ਤੱਕ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਗਿਆਨੀ ਗੁਰਮੁੱਖ ਸਿੰਘ ਜੋਹਲ ਵਾਲੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★


ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਅੱਜ 24 ਜੁਲਾਈ ਨੂੰ ਬਰਸੀ 'ਤੇ ਵਿਸ਼ੇਸ਼

# ਜੁਝਾਰੂ ਸਿੱਖ ਆਗੂ ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ



**ਜਲ੍ਹਿਆਂਵਾਲੇ** ਬਾਗ ਦੇ ਖ਼ੂਨੀ ਸਾਕੇ ਤੋਂ ਪਹਿਲਾਂ ਅਜਿਹਾ ਹੀ ਇਕ ਹੋਰ ਖ਼ੂਨੀ ਸਾਕਾ ਹਿੰਦੁਸਤਾਨ ਦੀ ਧਰਤੀ 'ਤੇ ਵਾਪਰਿਆ । ਇਸ ਸਾਕੇ ਨੂੰ ਬਜਬਜਘਾਟ ਦੇ ਖ਼ੂਨੀ ਸਾਕੇ ਵਜੋਂ ਹਰ ਦੇਸ਼ ਵਾਸੀ ਯਾਦ ਕਰਦਾ ਹੈ । ਇਹ ਖ਼ੂਨੀ ਸਾਕਾ ਹੁਗਲੀ ਨਦੀ ਦੇ ਕਿਨਾਰੇ ਬਜਬਜਘਾਟ ਨਾਂਅ ਦੀ ਬੰਦਰਗਾਹ 'ਤੇ 29 ਸਤੰਬਰ, 1914 ਨੂੰ ਵਾਪਰਿਆ । ਇਸ ਖ਼ੂਨੀ ਸਾਕੇ ਸਮੇਂ ਜਿਸ ਜੁਝਾਰੂ ਸਿੱਖ ਆਗੂ ਦੀ ਅਗਵਾਈ ਵਿੱਚ ਸ਼ਹੀਦ ਹੋਣ ਵਾਲੇ ਸ਼ਹੀਦਾਂ ਨੇ ਦੇਸ਼ ਦੀ ਅਜ਼ਾਦੀ ਲਈ ਨਵੀਂ ਚੇਤਨਾ ਪੈਦਾ ਕਰਨ ਲਈ ਕੁਰਬਾਨੀਆਂ ਦਿੱਤੀਆਂ, ਉਸ ਮਹਾਨ ਸਿੱਖ ਆਗੂ ਨੂੰ ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ ਦੇ ਨਾਂਅ ਨਾਲ ਹਰ ਬਸ਼ਰ ਯਾਦ ਕਰਦਾ ਹੈ । ਬਾਬਾ ਗੁਰਦਿੱਤ ਸਿੰਘ ਦਾ ਜਨਮ ਪਿੰਡ ਸਰਹਾਲੀ, ਜ਼ਿਲ੍ਹਾ ਅੰਮ੍ਰਿਤਸਰ ਵਿਖੇ 1861 ਈ: ਨੂੰ ਹੋਇਆ । ਇਨ੍ਹਾਂ ਦੇ ਪਿਤਾ ਜੀ ਸ। ਹੁਕਮ ਸਿੰਘ ਸੰਧੂ ਖੇਤੀਬਾੜੀ ਦਾ ਧੰਦਾ ਕਰਦੇ ਸਨ । ਬਾਬਾ ਜੀ ਨੇ ਮੁੱਢਲੀ ਸਿੱਖਿਆ ਤੋਂ ਪਿੱਛੋਂ ਪਿਤਾ ਪੁਰਖੀ ਕਿੱਤਾ ਖੇਤੀਬਾੜੀ ਆਰੰਭ ਕੀਤਾ । ਪਰ ਇਹ ਕਿੱਤਾ ਲਾਭਕਾਰੀ ਨਹੀਂ ਸੀ । ਬਾਬਾ ਜੀ ਦੇ ਮਨ ਵਿੱਚ ਵਿਉਪਾਰ ਕਰਨ ਦੀ ਲਗਨ ਸੀ । ਇਸੇ ਲਗਨ ਨੂੰ ਲੈ ਕੇ ਬਾਬਾ ਜੀ ਪਹਿਲਾਂ ਮਲਾਇਆ ਪਹੁੰਚੇ ਤੇ ਇਸ ਤੋਂ ਪਿੱਛੋਂ ਹਾਂਗਕਾਂਗ ਚਲੇ ਗਏ । ਬਾਬਾ ਜੀ ਨੇ ਵਪਾਰ ਕਰਨ ਦੇ ਆਸ਼ੇ ਨੂੰ ਮੁੱਖ ਰੱਖ ਕੇ ਕੁਝ ਸਮੇਂ ਲਈ ਠੇਕੇਦਾਰੀ ਦਾ ਕਿੱਤਾ ਕੀਤਾ । ਥੋੜ੍ਹਾ ਸਮਾਂ ਠੇਕੇਦਾਰੀ ਕਰਨ ਤੋਂ ਪਿੱਛੋਂ ਉਨ੍ਹਾਂ ਇਕ ਸਮੁੰਦਰੀ ਜਹਾਜ਼ ਕਾਮਾਗਾਟਾਮਾਰੂ ਕਿਰਾਏ 'ਤੇ ਲੈ ਲਿਆ । ਬਾਬਾ ਜੀ ਬੜੀ ਤੇਜ਼-ਤਰਾਰ ਬਾਣੀ ਦੇ ਮਾਲਕ ਸਨ । ਉਨ੍ਹਾਂ ਦੇ ਮਨ ਵਿੱਚ ਪੰਜਾਬੀਆਂ ਅਤੇ ਵਿਸ਼ੇਸ਼ ਕਰਕੇ ਸਿੱਖਾਂ ਦੀ ਆਰਥਿਕ ਮੰਦਹਾਲੀ ਦਾ ਦੁੱਖ ਅਤੇ ਗੁਲਾਮੀ ਹੋਣ ਦੀ ਲਾਹਨਤ ਤੋਂ ਇਲਾਵਾ ਅੰਗ੍ਰੇਜ਼ ਸਰਕਾਰ ਦੀ ਲੁੱਟ-ਖਸੁੱਟ ਦੀ ਮਾਰੂ ਨੀਤੀ ਘਰ ਕਰ ਚੁੱਕੀ ਸੀ । ਉਨ੍ਹਾਂ ਸਾਂਝੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ 376 ਮੁਸਾਫਰਾਂ ਸਮੇਤ ਇਸ ਜਹਾਜ਼ ਨੂੰ ਕੈਨੇਡਾ ਲਿਜਾਣ ਦਾ ਪ੍ਰੋਗਰਾਮ ਬਣਾਇਆ । ਇਨ੍ਹਾਂ ਮੁਸਾਫਰਾਂ ਵਿੱਚ ਕੇਵਲ 30 ਗੈਰ ਸਿੱਖ ਯਾਤਰੂ ਸਨ, ਬਾਕੀ ਸਾਰੇ ਸਿੱਖ ਹੀ ਸਨ । ਉਨ੍ਹਾਂ ਇਸ ਜਹਾਜ਼ ਦਾ ਨਾਂਅ ਕਾਮਾਗਾਟਾਮਾਰੂ ਦੀ ਥਾਂ 'ਤੇ ਗੁਰੂ ਨਾਨਕ ਜਹਾਜ਼ ਰੱਖਿਆ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਵੀ ਇਸ ਜਹਾਜ਼ ਵਿੱਚ ਕੀਤਾ । ਵਪਾਰਕ ਨਜ਼ਰੀਏ ਨਾਲ ਕੁਝ ਕੋਲਾ ਵੀ ਇਸ ਜਹਾਜ਼ ਵਿੱਚ ਭਰਿਆ ਗਿਆ । ਜਹਾਜ਼ ਨੂੰ ਰਵਾਨਾ ਕਰਨ ਤੋਂ ਪਹਿਲਾਂ ਇਥੇ ਹਕੂਮਤ ਕਰ ਰਹੀ ਅੰਗ੍ਰੇਜ਼ ਸਰਕਾਰ ਨੇ ਬਹੁਤ ਸਾਰੀਆਂ ਰੁਕਾਵਟਾਂ ਪਾਈਆਂ । ਇਨ੍ਹਾਂ ਸਾਰੀਆਂ ਤੰਗੀਆਂ ਤੁਰਸ਼ੀਆਂ ਨੂੰ ਝਲਦਿਆਂ ਆਖਰ ਇਹ ਜਹਾਜ਼ ਹਾਂਗਕਾਂਗ ਤੋਂ ਵੈਨਕੂਵਰ ਲਈ 4 ਅਪ੍ਰੈਲ, 1914 ਈ: ਰਵਾਨਾ ਹੋਇਆ । ਸਮੁੰਦਰੀ ਸਫ਼ਰ ਤੈਅ ਕਰਕੇ 22 ਮਈ, 1914 ਈ: ਨੂੰ ਇਹ ਜਹਾਜ਼ ਵੈਨਕੂਵਰ (ਕੈਨੇਡਾ) ਪਹੁੰਚਿਆ, ਪਰ ਇਸ ਜਹਾਜ਼ ਨੂੰ ਬੰਦਰਗਾਹ ਤੋਂ ਪਿੱਛੋਂ ਹੀ ਰੋਕ ਲਿਆ ਗਿਆ । ਇਸ ਜਹਾਜ਼ ਵਿੱਚ ਸਫ਼ਰ ਕਰ ਰਹੇ ਮੁਸਾਫਰਾਂ ਵਿੱਚੋਂ ਕੇਵਲ ਉਨ੍ਹਾਂ ਨੂੰ ਹੀ ਉਤਰਨ ਦੀ ਆਗਿਆ ਦਿੱਤੀ ਗਈ, ਜਿਹੜੇ ਕੈਨੇਡਾ ਦੀ ਨਾਗਰਿਕਤਾ ਸਿੱਧ ਕਰ ਸਕੇ । ਬਾਕੀ ਸਾਰੇ ਮੁਸਾਫਿਰ ਲਗਪਗ ਦੋ ਮਹੀਨੇ (23 ਜੁਲਾਈ) ਤੱਕ ਸਮੁੰਦਰ ਵਿੱਚ ਸਖ਼ਤ ਪਹਿਰੇ ਹੇਠ ਰੋਕੀ ਰੱਖੇ । ਇਨ੍ਹਾਂ ਦੋ ਮਹੀਨਿਆਂ ਦੌਰਾਨ ਸਮੁੰਦਰੀ ਜਹਾਜ਼ ਵਿੱਚ ਰਾਸ਼ਨ ਆਦਿ ਵੀ ਖਤਮ ਹੋ ਗਿਆ । ਸਮੁੰਦਰ ਵਿੱਚ ਰਹਿਣ ਕਰਕੇ ਬਹੁਤ ਸਾਰੇ ਮੁਸਾਫਿਰ ਅਨੇਕਾਂ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਗਏ । ਅਨੇਕਾਂ ਕਠਿਨਾਈਆਂ ਤੇ ਮੁਸ਼ਿਕਲਾਂ ਦਾ ਸਾਹਮਣਾ ਕਰਦੇ ਇਹ ਮੁਸਾਫਿਰ 29 ਸਤੰਬਰ, 1914 ਈ: ਵਿਖੇ ਬਾਬਾ ਜੀ ਦੀ ਅਗਵਾਈ ਵਿੱਚ ਹੁਗਲੀ ਬੰਦਰਗਾਹ 'ਤੇ ਪਹੁੰਚੇ । ਇਸ ਘਾਟ ਦਾ ਨਾਂਅ ਬਜਬਜਘਾਟ ਵਜੋਂ ਜਾਣਿਆ ਜਾਂਦਾ ਹੈ । ਭਾਰਤ ਵਿੱਚ ਰਾਜ ਕਰ ਰਹੀ ਅੰਗ੍ਰੇਜ਼ ਸਰਕਾਰ ਨੂੰ ਇਹ ਸਾਰੇ ਮਰਜੀਵੜੇ ਵਿਦਰੋਹੀ ਨਜ਼ਰ ਆਉਂਦੇ ਸਨ, ਕਿਉਂਕਿ ਲਗਪਗ ਸਾਢੇ ਪੰਜ ਮਹੀਨੇ ਪਿੱਛੋਂ ਇਹ ਭਾਰਤੀ ਬੰਦਰਗਾਹ 'ਤੇ ਪੁੱਜੇ ਸਨ । ਇਨ੍ਹਾਂ ਨੂੰ ਜਹਾਜ਼ ਤੋਂ ਉਤਰਨ ਤੋਂ ਪਹਿਲਾਂ ਸਾਰੇ ਜਹਾਜ਼ ਦੀ ਤਲਾਸ਼ੀ ਲਈ ਗਈ । ਸਰਕਾਰ ਨੇ ਫੈਸਲਾ ਕੀਤਾ ਕਿ ਇਨ੍ਹਾਂ ਭੁੱਖ ਅਤੇ ਬਿਮਾਰੀਆਂ ਤੋਂ ਤੰਗ ਆਏ ਸਾਰੇ ਬਾਕੀ ਮੁਸਾਫਿਰਾਂ ਨੂੰ ਇਕ ਬੰਦ ਰੇਲ ਗੱਡੀ ਰਾਹੀਂ ਪੰਜਾਬ ਭੇਜਿਆ ਜਾਵੇ । 17 ਮੁਸਲਮਾਨ ਮੁਸਾਫਿਰ ਸਰਕਾਰ ਦਾ ਹੁਕਮ ਮੰਨ ਕੇ ਗੱਡੀ ਵਿੱਚ ਸਵਾਰ ਹੋ ਗਏ, ਬਾਕੀ ਸਾਰੇ ਮੁਸਾਫਿਰ ਜੁਝਾਰੂ ਸਿੱਖ ਆਗੂ ਬਾਬਾ ਗੁਰਦਿੱਤ ਸਿੰਘ ਦੀ ਅਗਵਾਈ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਨੂੰ ਲੈ ਕੇ ਸਟੇਸ਼ਨ ਵੱਲ ਨੂੰ ਜਲੂਸ ਦੀ ਸ਼ਕਲ ਵਿੱਚ ਪੈਦਲ ਚੱਲ ਪਏ । ਉਨ੍ਹਾਂ ਪਲੇਟਫਾਰਮ 'ਤੇ ਬੈਠ ਕੇ ਰਹਿਰਾਸ ਸਾਹਿਬ ਦਾ ਪਾਠ ਆਰੰਭ ਕੀਤਾ । ਏਨੇ ਨੂੰ ਫੌਜ ਅਤੇ ਪੁਲਸ ਦੀਆਂ ਟੁੱਕੜੀਆਂ ਨੇ ਇਨ੍ਹਾਂ ਜੁਝਾਰੂ ਪੰਜਾਬੀਆਂ ਉੱਤੇ ਗੋਲੀਆਂ ਦੀ ਬੁਛਾੜ ਸ਼ੁਰੂ ਕਰ ਦਿੱਤੀ । ਸਰਕਾਰੀ ਰਿਕਾਰਡ ਮੁਤਾਬਿਕ 16 ਮੁਸਾਫਿਰ ਸ਼ਹਾਦਤ ਦਾ ਜਾਮ ਪੀ ਗਏ, 25 ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ । ਇਸ ਬਜਬਜਘਾਟ ਦੇ ਖ਼ੂਨੀ ਸਾਕੇ ਨੇ ਦੇਸ਼ ਭਗਤਾਂ ਅੰਦਰ ਅਜ਼ਾਦੀ ਦੀ ਲਹਿਰ ਨੂੰ ਹੋਰ ਤਿੱਖਾ ਕੀਤਾ । ਇਸ ਖ਼ੂਨੀ ਸਾਕੇ ਸਮੇਂ ਬਾਬਾ ਗੁਰਦਿੱਤ ਸਿੰਘ ਆਪਣੇ ਹੋਰ 28 ਸਾਥੀਆਂ ਸਮੇਤ ਉਸ ਜਗ੍ਹਾ ਤੋਂ ਬੱਚ ਕੇ ਨਿਕਲ ਜਾਣ ਵਿੱਚ ਕਾਮਯਾਬ ਹੋ ਗਏ । ਇਹ ਜੁਝਾਰੂ ਬਾਬਾ ਛੇਅ ਸਾਲ ਤੱਕ ਗੁਪਤ ਵਾਸ ਵਿੱਚ ਰਿਹਾ । ਇਸ ਤੋਂ ਪਿੱਛੋਂ ਉਹ ਲੋਕ ਸਾਹਮਣੇ ਆਏ । ਕਈ ਵਾਰ ਇਸ ਦੇਸ਼ ਭਗਤ ਬਾਬੇ ਨੂੰ ਸਖ਼ਤ ਕੈਦ ਕੱਟਣੀ ਪਈ । ਉਹ ਹੁਣ ਪੂਰੀ ਤਰ੍ਹਾਂ ਰਾਸ਼ਟਰੀ ਅੰਦੋਲਨ ਵਿੱਚ ਸ਼ਾਮਿਲ ਹੋ ਚੁੱਕੇ ਸੀ । ਇਸ ਦੌਰਾਨ ਆਜ਼ਾਦੀ ਲਈ ਘੋਲ ਕਰ ਰਹੇ ਰਾਸ਼ਟਰੀ ਆਗੂਆਂ ਨੂੰ ਗੁਪਤਵਾਸ ਦੌਰਾਨ ਮਿਲਦਾ ਵੀ ਰਿਹਾ । 1926 ਈ: ਵਿੱਚ ਹੀ ਇੰਡੀਅਨ ਨੈਸ਼ਨਲ ਕਾਂਗਰਸ ਦੇ ਗੁਹਾਟੀ ਸੈਸ਼ਨ ਵਿੱਚੋਂ 50 ਸਿੱਖ ਡੈਲੀਗੇਟਾਂ ਸਮੇਤ ਵਾਕਆਊਟ ਕੀਤਾ, ਕਿਉਂਕਿ ਉਸ ਸਮੇਂ ਸਬਜੈਕਟ ਕਮੇਟੀ ਨੇ ਆਪਣੇ ਪਾਸ ਹੋਣ ਵਾਲੇ ਮਤਿਆਂ ਵਿੱਚ ਮਹਾਰਾਜਾ ਨਾਭਾ ਸ: ਰਿਪੁਦਮਨ ਸਿੰਘ ਨੂੰ ਅੰਗ੍ਰੇਜ਼ਾਂ ਵੱਲੋਂ ਗੱਦੀ ਤੋਂ ਵੱਖ ਕਰਨ ਦੀ ਬੇਇਨਸਾਫੀ ਵਿਰੁੱਧ ਮਤਾ ਪਾਸ ਕਰਨ ਤੋਂ ਇਨਕਾਰ ਕਰ ਦਿੱਤਾ ਸੀ । ਇਸ ਤੋਂ ਪਿੱਛੋਂ 1931 ਈ: ਤੋਂ 1933 ਈ: ਤੱਕ ਰਾਜਨੀਤਿਕ ਗਤੀਵਿਧੀਆਂ ਕਾਰਨ ਤਿੰਨ ਵਾਰ ਜੇਲ੍ਹ ਜਾਣਾ ਪਿਆ । 1937 ਈ: ਵਿੱਚ ਕਾਂਗਰਸ ਵੱਲੋਂ ਵਿਧਾਇਕ ਦੀ ਚੋਣ ਲੜੀ ਪਰ ਹਾਰ ਗਏ । ਇਹ ਮਹਾਨ ਜੁਝਾਰੂ ਸਿੱਖ ਬਾਬਾ ਗੁਰਦਿੱਤ ਸਿੰਘ ਕਾਮਾਗਾਟਾਮਾਰੂ 94 ਵਰ੍ਹਿਆਂ ਦੀ ਉਮਰ ਭੋਗ ਕੇ ਅੰਮ੍ਰਿਤਸਰ ਵਿਖੇ 24 ਜੁਲਾਈ, 1954 ਨੂੰ ਅਕਾਲ ਚਲਾਣਾ ਕਰ ਗਿਆ । ਬਜਬਜਘਾਟ ਦੇ ਖ਼ੂਨੀ ਸਾਕੇ ਦੀ ਬਣੀ ਹੋਈ ਸ਼ਹੀਦੀ ਯਾਦਗਾਰ ਅੱਜ ਵੀ ਬਾਬਾ ਜੀ ਦੀ ਅਗਵਾਈ ਵਿੱਚ ਵਾਪਰੇ ਇਸ ਖ਼ੂਨੀ ਸਾਕੇ ਦੀ ਯਾਦ ਨੂੰ ਅੱਜ ਵੀ ਤਾਜ਼ਾ ਕਰ ਰਹੀ ਹੈ।


-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040




ਆਵਾਜ਼ਿ ਕੌਮ AWAZE QAUM International Newspaper & WEB TV

ਪੇਪਰ ਲੀਕ 'ਤੇ ਪਹਿਲੀ ਵਾਰ ਬੋਲੇ ਮੋਦੀ, ਸਰਕਾਰ ਨੇ ਮੁੜ ਗੱਲਬਾਤ ਦੀ ਕੀਤੀ ਪੇਸ਼ਕਸ਼

# ਰਾਹੁਲ ਤੇ ਸੀਜੇਪੀ ਨੇ ਧਰਮਿੰਦਰ ਪ੍ਰਧਾਨ ਦਾ ਮੰਗਿਆ ਅਸਤੀਫ਼ਾ




ਨਵੀਂ ਦਿੱਲੀ, 23 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਨੀਟ ਪੇਪਰ ਲੀਕ ਮਾਮਲੇ ਨੂੰ ਲੈ ਕੇ ਦੇਸ਼ ਭਰ ਵਿੱਚ ਚੱਲ ਰਹੇ ਵਿਦਿਆਰਥੀ ਅੰਦੋਲਨ ਦਰਮਿਆਨ ਕੇਂਦਰ ਸਰਕਾਰ ਨੇ ਇੱਕ ਵਾਰ ਫਿਰ ਗੱਲਬਾਤ ਦੀ ਪੇਸ਼ਕਸ਼ ਕੀਤੀ ਹੈ। ਕੇਂਦਰੀ ਮੰਤਰੀ ਜਿਤੇਂਦਰ ਸਿੰਘ ਨੇ ਵੀਰਵਾਰ ਨੂੰ ਕਿਹਾ ਕਿ ਸਰਕਾਰ ਹਰ ਮੁੱਦੇ 'ਤੇ, ਕਿਸੇ ਵੀ ਸਮੇਂ ਅਤੇ ਕਿਸੇ ਵੀ ਥਾਂ ਗੱਲਬਾਤ ਲਈ ਤਿਆਰ ਹੈ। ਉਨ੍ਹਾਂ ਦੱਸਿਆ ਕਿ ਬੁੱਧਵਾਰ ਦੁਪਹਿਰ ਤੋਂ ਹੁਣ ਤੱਕ ਸਰਕਾਰ ਵੱਲੋਂ ਸੀਜੇਪੀ ਦੇ ਨੁਮਾਇੰਦਿਆਂ ਨੂੰ ਗੱਲਬਾਤ ਲਈ ਚਾਰ ਵਾਰ ਰਸਮੀ ਪ੍ਰਸਤਾਵ ਭੇਜੇ ਜਾ ਚੁੱਕੇ ਹਨ। ਦੂਜੇ ਪਾਸੇ, ਸੀਜੇਪੀ ਨੇ ਕਿਹਾ ਕਿ ਗੱਲਬਾਤ ਕਿਸੇ ਨਿਰਪੱਖ ਥਾਂ 'ਤੇ ਹੋਣੀ ਚਾਹੀਦੀ ਹੈ ਅਤੇ ਉਹ ਸਰਕਾਰੀ ਅਵਾਸ 'ਤੇ ਗੱਲਬਾਤ ਲਈ ਨਹੀਂ ਜਾਣਗੇ। ਇਸੇ ਦੌਰਾਨ, ਜੰਤਰ-ਮੰਤਰ 'ਤੇ ਕਰੀਬ ਇੱਕ ਮਹੀਨੇ ਤੋਂ ਚੱਲ ਰਹੇ ਵਿਦਿਆਰਥੀ ਅੰਦੋਲਨ ਅਤੇ 20 ਜੁਲਾਈ ਦੇ 'ਸੰਸਦ ਮਾਰਚ' ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਹਿਲੀ ਵਾਰ ਪੇਪਰ ਲੀਕ ਅਤੇ ਪ੍ਰੀਖਿਆਵਾਂ ਵਿੱਚ ਗੜਬੜੀ ਦੇ ਮੁੱਦੇ 'ਤੇ ਚੁੱਪੀ ਤੋੜੀ ਹੈ। ਐਕਸ 'ਤੇ ਜਾਰੀ ਬਿਆਨ ਵਿੱਚ ਮੋਦੀ ਨੇ ਕਿਹਾ ਕਿ ਨੌਜਵਾਨਾਂ ਦਾ ਭਵਿੱਖ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਐਲਾਨ ਕੀਤਾ ਕਿ ਪੇਪਰ ਲੀਕ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਦੇਣ ਲਈ ਫਾਸਟ-ਟ੍ਰੈਕ ਅਦਾਲਤਾਂ ਬਣਾਈਆਂ ਜਾਣਗੀਆਂ ਅਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਮੋਦੀ ਦੇ ਬਿਆਨ 'ਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਪਲਟਵਾਰ ਕਰਦਿਆਂ ਕਿਹਾ ਕਿ ਨੌਜਵਾਨਾਂ ਦਾ ਭਵਿੱਖ ਸਭ ਤੋਂ ਵੱਧ ਮੌਜੂਦਾ ਸਰਕਾਰ ਨੇ ਬਰਬਾਦ ਕੀਤਾ ਹੈ। ਉਨ੍ਹਾਂ ਤਿੰਨ ਮੰਗਾਂ ਰੱਖੀਆਂ—ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਤੁਰੰਤ ਬਰਖ਼ਾਸਤ ਕੀਤਾ ਜਾਵੇ, ਵਿਦਿਆਰਥੀਆਂ ਤੋਂ ਸਰਕਾਰ ਮਾਫ਼ੀ ਮੰਗੇ ਅਤੇ ਪ੍ਰਦਰਸ਼ਨਕਾਰੀਆਂ 'ਤੇ ਕਾਰਵਾਈ ਕਰਨ ਵਾਲਿਆਂ ਖ਼ਿਲਾਫ਼ ਐਕਸ਼ਨ ਲਿਆ ਜਾਵੇ। ਕਾਂਗਰਸ ਨੇ ਦੋਸ਼ ਲਾਇਆ ਕਿ ਸਿਰਫ਼ ਧਰਮਿੰਦਰ ਪ੍ਰਧਾਨ ਦੀ ਕੁਰਸੀ ਬਚਾਉਣ ਲਈ ਪੂਰੀ ਭਾਜਪਾ ਮੈਦਾਨ ਵਿੱਚ ਉਤਰੀ ਹੋਈ ਹੈ। ਉੱਧਰ, ਜੰਤਰ-ਮੰਤਰ 'ਤੇ ਅੰਦੋਲਨ ਦੀ ਅਗਵਾਈ ਕਰ ਰਹੀ ਸੀਜੇਪੀ ਨੇ ਵੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਦੁਹਰਾਈ। ਪਾਰਟੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੰਸਦ ਵਿੱਚ ਚਰਚਾ ਕਰਨ ਦੀ ਬਜਾਏ ਸੋਸ਼ਲ ਮੀਡੀਆ ਰਾਹੀਂ ਸਫ਼ਾਈ ਦੇ ਰਹੇ ਹਨ, ਜੋ ਇਹ ਦਰਸਾਉਂਦਾ ਹੈ ਕਿ ਸਰਕਾਰ ਵਿਦਿਆਰਥੀਆਂ ਦੇ ਦਬਾਅ ਹੇਠ ਹੈ। ਸੀਜੇਪੀ ਦੇ ਮੁੱਖ ਬੁਲਾਰੇ ਸੌਰਵ ਦਾਸ ਨੇ ਕਿਹਾ ਕਿ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਤੋਂ ਬਿਨਾਂ ਕੋਈ ਸਮਝੌਤਾ ਨਹੀਂ ਹੋਵੇਗਾ ਅਤੇ ਅੰਦੋਲਨ ਜਾਰੀ ਰਹੇਗਾ। ਇਸ ਦੌਰਾਨ ਸੁਰੱਖਿਆ ਪ੍ਰਬੰਧਾਂ ਨੂੰ ਦੇਖਦਿਆਂ ਦਿੱਲੀ ਮੈਟਰੋ ਨੇ 17 ਮੈਟਰੋ ਸਟੇਸ਼ਨਾਂ ਨੂੰ ਅਗਲੇ ਹੁਕਮਾਂ ਤੱਕ ਬੰਦ ਰੱਖਣ ਦਾ ਐਲਾਨ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਵਣ ਦੀ ਪਹਿਲੀ ਬਰਸਾਤ ਨਾਲ ਸਹਿਰ ਹੋਇਆ ਜਲਥਲ ਜਗ੍ਹਾ ਜਗ੍ਹਾ ਤੇ ਖੜ੍ਹਾ ਹੋਇਆ ਪਾਣੀ ਸਹਿਰ ਵਾਸੀਆਂ ਨੂੰ ਕਰਨਾ ਪਿਆ ਮੁਸਕਲ ਦਾ ਸਾਹਮਣਾ



**ਜੰਡਿਆਲਾ ਗੁਰੂ, 23 ਜੁਲਾਈ ( ਕੁਲਵੰਤ ਸਿੰਘ ਵਿਰਦੀ )** -ਸਾਵਣ ਦੇ ਮਹੀਨੇ ਦੀ ਹੋਈ ਪਹਿਲੀ ਜੋਰਦਾਰ ਬਰਸਾਤ ਨਾਲ ਗਰਮੀ ਤੋਂ ਰਾਹਤ ਤਾਂ ਮਿਲ ਗਈ ਪਰ ਸਹਿਰ ਇਕ ਵਾਰ ਜਲਥਲ ਹੋ ਗਿਆ ਅੱਜ ਸਵੇਰ ਤੜਕਸਾਰ ਹੋਈ ਬਾਰਿਸ਼ ਤੋਂ ਬਾਅਦ ਜੰਡਿਆਲਾ ਸ਼ਹਿਰ ਪਾਣੀ ਨਾਲ ਪੂਰਾ ਜਲ ਥਲ ਹੋ ਗਿਆ । ਵੱਖ ਵੱਖ ਗਲੀਆਂ, ਬਜ਼ਾਰਾਂ, ਮੁਹੱਲਿਆਂ, ਨਾਲੀਆਂ , ਨਾਲੇ ਪਾਣੀ ਨਾਲ ਭਰ ਗਏ ਅਤੇ ਸ਼ਹਿਰ ਵਾਸੀਆਂ ਨੂੰ ਭਾਰੀ ਮੁਸ਼ਿਕਲ ਦਾ ਸਾਹਮਣਾ ਕਰਨਾ ਪਿਆ । ਲੋਕਲ ਬੱਸ ਸਟੈਂਡ ਤੋਂ ਨਗਰ ਕੌਂਸਲ ਦਫਤਰ ਤਕ ਵੀ ਪਾਣੀ ਨਾਲ ਸੜਕ ਭਰੀ ਦੇਖੀ ਗਈ । ਇਸੇ ਲੜੀ ਦੇ ਤਹਿਤ ਮੁਹੱਲਾ ਸ਼ੇਖੂਪੁਰਾ ਸ਼ਹੀਦ ਊਧਮ ਸਿੰਘ ਚੌਂਕ ਤੋਂ ਲੈਕੇ ਸੇਂਟ ਪੀਟਰ ਸਕੂਲ ਵਾਲੇ ਬਾਜ਼ਾਰ ਦਾ ਬੂਰਾ ਹਾਲ ਦੇਖਣ ਨੂੰ ਮਿਲਿਆ ਜਿੱਥੇ ਸਾਰਾ ਬਾਜ਼ਾਰ ਅਤੇ ਮੁਹੱਲਾ, ਗਲੀਆਂ ਆਦਿ ਪੂਰਾ ਪਾਣੀ ਨਾਲ ਭਰ ਚੁੱਕਾ ਸੀ ਅਤੇ ਕੁਝ ਘਰਾਂ ਵਿਚ ਨਾਲੀਆਂ ਦਾ ਗੰਦਾ ਪਾਣੀ ਓਹਨਾਂ ਦੇ ਕਮਰਿਆਂ ਰਸੋਈ ਆਦਿ ਵਿਚ ਵੜ ਚੁੱਕਾ ਸੀ ਜਿਸਨੂੰ ਮਕਾਨ ਵਾਸੀਆਂ ਵਲੋਂ ਬਾਹਰ ਕੱਢਦੇ ਦੇਖਿਆ ਗਿਆ । ਮੁਹੱਲੇ ਵਿਚ ਸਕੂਲ ਹੋਣ ਦੇ ਕਾਰਨ ਸਵੇਰੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਭਾਰੀ ਮੁਸ਼ਿਕਲ ਦਾ ਸਾਹਮਣਾ ਕਰਦੇ ਹੋਏ ਦੇਖਿਆ ਗਿਆ । ਮੁਹੱਲਾ ਨਿਵਾਸੀਆਂ ਨੇ ਦੱਸਿਆ ਕਿ ਕਿਸੇ ਵੀ ਸਰਕਾਰ ਵੱਲੋਂ ਨਵੀਂ ਸੜਕ ਬਣਾਉਣ ਦੌਰਾਨ ਮੁਹੱਲੇ ਦੀ ਸੜਕ ਦਾ ਲੈਵਲ ਸਹੀ ਨਹੀਂ ਕੀਤਾ ਗਿਆ । ਮੁਹੱਲਾ ਨਿਵਾਸੀਆਂ ਨੇ ਨਗਰ ਕੌਂਸਲ ਪ੍ਰਧਾਨ ਅਤੇ ਹਲਕੇ ਤੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਕੋਲੋ ਮੰਗ ਕੀਤੀ ਕਿ ਕ੍ਰਿਪਾ ਕਰਕੇ ਮੁਹੱਲੇ ਦੀ ਇਹ ਜਰੂਰੀ ਮੰਗ ਨੂੰ ਪੂਰਾ ਕਰਦੇ ਹੋਏ ਸੜਕ ਦਾ ਲੈਵਲ ਸਹੀ ਕਰਕੇ ਦੁਬਾਰਾ ਮੁਹੱਲੇ ਦੀ ਸੜਕ ਦਾ ਨਿਰਮਾਣ ਕੀਤਾ ਜਾਵੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਮਹਿਤਾ ਪੁਲੀਸ ਨੂੰ ਮਿਲੀ ਵੱਡੀ ਸਫਲਤਾ, ਨਾਜਾਇਜ਼ ਹਥਿਆਰਾਂ, ਹੈਰੋਇਨ ਤੇ ਡਰੱਗ ਮਨੀ ਸਮੇਤ ਇਕ ਕਾਬੂ



ਚੌਂਕ ਮਹਿਤਾ, 23 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਐੱਸ.ਐੱਸ.ਪੀ. ਸ੍ਰੀ ਕੰਵਲਜੀਤ ਸਿੰਘ ਵੱਲੋਂ ਸਮਾਜ ਵਿਰੋਧੀ ਅਨਸਰਾ ਨੂੰ ਨੱਥ ਪਾਉਣ ਲਈ ਜਾਰੀ ਕੀਤੀਆਂ ਵਿਸ਼ੇਸ ਹਦਾਇਤਾ, ਡੀ.ਐੱਸ.ਪੀ. ਜੰਡਿਆਲਾ ਬਲਜੀਤ ਸਿੰਘ ਅਤੇ ਥਾਣਾ ਮਹਿਤਾ ਦੇ ਐੱਸ.ਐੱਚ.ਓ. ਇੰਸਪੈਕਟਰ ਸਿਮਰਨਜੀਤ ਕੌਰ ਦੀ ਅਗਵਾਈ ਹੇਠ ਮਹਿਤਾ ਪੁਲੀਸ ਨੇ ਹੈਰੋਇਨ, ਨਾਜਾਇਜ਼ ਹਥਿਆਰਾਂ ਅਤੇ ਡਰੱਗ ਮਨੀ ਸਮੇਤ ਇਕ ਨੌਜਵਾਨ ਨੂੰ ਕਾਬੂ ਕਰਨ ਵਿਚ ਵੱਡੀ ਸਫਲਤਾ ਹਾਸਲ ਕੀਤੀ ਹੈ। ਅੱਜ ਇਥੇ ਪ੍ਰੈਸ ਕਾਨਫਰੰਸ ਦੌਰਾਨ ਐੱਸ.ਐੱਚ.ਓ. ਇੰਸਪੈਕਟਰ ਸਿਮਰਨਜੀਤ ਕੌਰ ਨੇ ਦੱਸਿਆ ਕਿ ਬੁੱਟਰ ਚੌਂਕੀ ਦੇ ਇੰਚਾਰਜ ਏ.ਐੱਸ.ਆਈ. ਗੁਰਪ੍ਰਤਾਪ ਸਿੰਘ ਪੁਲਿਸ ਪਾਰਟੀ ਗਸ਼ਤ ਕਰ ਰਹੇ ਸਨ, ਜਿਨ੍ਹਾਂ ਦੇ ਵੱਲੋਂ ਮਹਿਤਾ ਚੌਂਕ ਦੇ ਨਜਦੀਕ ਨਵੇਂ ਬਣ ਰਹੇ ਬਾਈਪਾਸ ਨੇੜਿਓਂ ਇਕ ਸ਼ੱਕੀ ਨੌਜਵਾਨ ਲਵਪ੍ਰੀਤ ਸਿੰਘ ਉਰਫ ਮੰਗ ਵਾਸੀ ਚੂੰਘ ਨੂੰ ਕਾਬੂ ਕੀਤਾ ਗਿਆ। ਜਿਸ ਦੀ ਤਲਾਸ਼ੀ ਲੈਣ ਤੇ ਉਸ ਦੇ ਕੋਲੋਂ 105 ਗ੍ਰਾਮ ਹੈਰੋਇਨ, 8200 ਰੁਪਏ ਡਰੱਗ ਮਨੀ, 2 ਪਿਸਟਲ, 2 ਮੈਗਜ਼ੀਨ ਅਤੇ ਇਕ ਬਿਨਾਂ ਨੰਬਰੀ ਸਪਲੈਂਡਰ ਮੋਟਰਸਾਈਕਲ ਬਰਾਮਦ ਕੀਤਾ ਗਿਆ। ਐੱਸ.ਐੱਚ.ਓ. ਸਿਮਰਨਜੀਤ ਕੌਰ ਕਿਹਾ ਕਿ ਉਕਤ ਨੌਜਵਾਨ ਦੇ ਖਿਲਾਫ ਮੁਕਦਮਾਂ ਦਰਜ ਕਰ ਲਿਆ ਗਿਆ ਹੈ, ਇਸ ਮਾਮਲੇ ਵਿਚ ਮਾਣਯੋਗ ਅਦਾਲਤ ਤੋਂ ਰਿਮਾਂਡ ਲੈਕੇ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾਵੇਗੀ। ਉਨਾਂ ਸ਼ੱਕ ਜਹਿਰ ਕਰਦਿਆਂ ਕਿਹਾ ਕਿ ਇਸ ਨੌਜਵਾਨ ਦੇ ਕੋਲੋਂ ਹੋਰ ਵੀ ਖੁਲਾਸੇ ਹੋਣ ਦੀ ਠੋਸ ਸੰਭਾਵਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ

# ਵਿਦੇਸ਼ਾਂ ਦੀ ਧਰਤੀ ਪ੍ਰਚਾਰ ਕਰ ਰਹੇ ਹਨ



**ਚੌਕ ਮਹਿਤਾ, 23 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਪਿੱਛਲੇ ਦਿਨੀ ਨਿਉਜੀਲੈਂਡ ਦੀ ਧਰਤੀ ਤੇ ਗੁਰਸਿੱਖੀ ਦਾ ਪ੍ਰਚਾਰ ਕਰਨ ਲਈ ਗਏ ਹਨ ।

ਸੰਤ ਬਾਬਾ ਸੱਜਣ ਸਿੰਘ ਜੀ ਦਾ ਵਿਦੇਸ਼ਾਂ ਸੰਗਤਾਂ ਨੇ ਨਿੱਘਾ ਸਵਾਗਤ ਕੀਤਾ। ਬਾਬਾ ਜੀ ਵੱਖ ਵੱਖ ਥਾਵਾਂ ਤੇ ਸੰਗਤਾਂ ਨੂੰ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਪਾਵਨ ਗੁਰਬਾਣੀ ਦੇ ਨਾਲ ਜੋੜ ਰਹੇ ਹਨ।

ਉਨ੍ਹਾਂ ਨੇ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਕਿਹਾ ਕਿ ਕਿਰਤ ਕਰਨ, ਚੁਗਲੀ ਨਿੰਦਿਆ ਦਾ ਤਿਆਗ ਕਰਕੇ ਵਾਹਿਗੁਰੂ ਜੀ ਜਾਪੁ ਕਰਨ ਅਤੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੱੜ ਲੱਗਣ।

ਬਾਬਾ ਮੇਜਰ ਸਿੰਘ ਸੋਢੀ ਵਲੋਂ ਭਾਈ ਮਨਜੀਤ ਸਿੰਘ ਭੱਟੀ ਨੂੰ ਹਲਕਾ ਜੰਡਿਆਲਾ ਗੁਰੂ ਤੋਂ

# ਵਿਧਾਨ ਸਭਾ ਦੀ ਚੋਣ ਲੜਨ ਲਈ ਦਿੱਤਾ ਥਾਪੜਾ



**ਚੌਕ ਮਹਿਤਾ,,23 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੰਗੀ ਜਰਨੈਲ ਫਖਰੇ ਕੌਮ ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਸਹਿਬ ਵਲੋਂ ਸਹੀਦ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਦੇ ਚੇਅਰਮੈਨ ਸ੍ਰ ਮਨਜੀਤ ਸਿੰਘ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਜਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਵੀ ਹਨ ਜੋ ਹਲਕਾ ਜੰਡਿਆਲਾ ਗੁਰੂ ਵਿਖੇ ਨਿਮਾਣੇ ਸੇਵਕ ਵਜੋ ਪਿਛਲੇ ਲੰਮੇ ਸਮੇਂ ਤੋਂ ਸੇਵਾ ਨਿਭਾ ਰਹੇ ਹਨ ਗਰੀਬ ਅਤੇ ਲੋੜਵੰਦ ਲੋਕਾਂ ਦੀ ਆਰਥਿਕ ਮਦਦ ਕਰਨ, ਮਰੀਜ਼ਾਂ ਨੂੰ ਹਸਪਤਾਲ ਪੁਜਦਾ ਕਰਨ ਵਾਸਤੇ ਮੁਫ਼ਤ ਐਂਬੂਲੈਂਸ ਵੀ ਆਪਣੇ ਕੋਲੋਂ ਖਰੀਦ ਕੇ ਲਾਈ ਹੋਈ ਹੈ, ਉਹ ਤੇ ਉਨ੍ਹਾਂ ਦੀ ਸਮੁੱਚੀ ਟੀਮ ਦੇ ਸੇਵਾਦਾਰ ਸਮਾਜ ਸੇਵਾ ਵਿਚ ਡੱਟ ਕੇ ਲੱਗੇ ਹੋਏ ਹਨ ਇਹਨਾਂ ਦੀ ਸੇਵਾ ਅਤੇ ਭਾਰੀ ਗਿਣਤੀ ਵਿਚ ਨਾਲ ਜੁੜੇ ਵਰਕਰਾਂ ਦੀ ਮੰਗ ਨੂੰ ਵੇਖਦੇ ਜੰਗੀ ਜਰਨੈਲ ਫਖਰੇ ਕੌਮ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਹਿਬ ਵਲੋਂ ਇਸ ਸਮਾਜ ਸੇਵੀ ਚੈਅਰਮੈਨ ਸ੍ਰ ਮਨਜੀਤ ਸਿੰਘ ਭੱਟੀ ਨੂੰ ਹਲਕਾ ਜੰਡਿਆਲਾ ਗੁਰੂ ਤੋ ਚੋਣ ਲੜਨ ਵਾਸਤੇ ਥਾਪੜਾ ਅਤੇ ਡੱਟ ਕੇ ਕੰਮ ਕਰਨ ਵਾਸਤੇ ਅਸ਼ੀਰਵਾਦ ਦਿਤਾ। ਇਸ ਮੌਕੇ ਤੇ ਜਥੇਦਾਰ ਹਰਜਿੰਦਰ ਸਿੰਘ, ਸਹੀਦ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਹਲਕਾ ਜੰਡਿਆਲਾ ਗੁਰੂ ਪ੍ਰਧਾਨ ਸ੍ਰ ਹਰਵਿੰਦਰ ਸਿੰਘ ਫ਼ੌਜੀ ਨੰਗਲ ਦਿਆਲ ਸਿੰਘ, ਜਥੇਦਾਰ ਬਲਦੇਵ ਸਿੰਘ ਨਵਾਂ ਪਿੰਡ, ਚੇਅਰਮੈਨ ਸ੍ਰ ਮਨਜੀਤ ਸਿੰਘ ਭੱਟੀ ਦੇ ਪੀ ਏ ਸ੍ਰ ਸਤਨਾਮ ਸਿੰਘ ਮਲਕ ਪੁਰ, ਹੋਰ ਸੀਨੀਅਰ ਸਾਥੀਆਂ ਤੋਂ ਇਲਾਵਾ ਹੋਰ ਵੀ ਕਈ ਆਗੂ ਹਾਜ਼ਰ ਸਨ। ਇਸੇ ਤਰ੍ਹਾਂ ਹਲਕਾ ਬਾਬਾ ਬਕਾਲਾ ਸਹਿਬ ਤੋ ਸ੍ਰ ਤਰਸੇਮ ਸਿੰਘ ਮੱਟੂ, ਨੰਬਰਦਾਰ ਗੁਰਦਿਆਲ ਸਿੰਘ ਲੋਹਗੜ, ਸ੍ਰ ਕੇਵਲ ਸਿੰਘ ਲੋਹਗੜ ਸਮੇਤ ਬਹੁਤ ਸਾਰੀਆਂ ਸੰਗਤਾਂ ਨੇ ਵੀ ਪੂਰਨ ਸਹਿਜੋਗ ਦਾ ਭਰੋਸਾ ਦਿਤਾ। ਇਹ ਜਾਣਕਾਰੀ ਮੀਡੀਆ ਨਾਲ ਭਾਈ ਹਰਵਿੰਦਰ ਸਿੰਘ ਫ਼ੌਜੀ ਨੰਗਲ ਦਿਆਲ ਸਿੰਘ ਨੇ ਸਾਂਝੀ ਕੀਤੀ।

# ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਾਂਝਲਾ ਵਿਖੇ ਵਿਦਿਆਰਥੀਆਂ ਨੂੰ ਸਕੂਲ ਬੈਗ ਵੰਡੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਇਤਿਹਾਸਕ ਸੁਧਾਰਾਂ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਾਂਝਲਾ ਵਿਖੇ ਵਿਦਿਆਰਥੀਆਂ ਨੂੰ ਮੁਫ਼ਤ ਸਕੂਲ ਬੈਗ ਵੰਡੇ ਗਏ। ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ (ਮੈਂਬਰ ਜ਼ਿਲ੍ਹਾ ਪ੍ਰੀਸ਼ਦ), ਰਣਜੋਧ ਸਿੰਘ (ਚੇਅਰਮੈਨ, ਬਲਾਕ ਸੰਮਤੀ ਧੂਰੀ) ਨੇ ਵਿਦਿਆਰਥੀਆਂ ਨੂੰ ਬੈਗ ਭੇਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ ਅਤੇ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਆਧੁਨਿਕ ਬਣਾਇਆ ਜਾ ਰਿਹਾ ਹੈ, ਤਾਂ ਜੋ ਹਰ ਬੱਚੇ ਨੂੰ ਮਿਆਰੀ ਅਤੇ ਬਰਾਬਰ ਦੀ ਸਿੱਖਿਆ ਮਿਲ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ ਅਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਮਨ ਲਾ ਕੇ ਪੜ੍ਹਾਈ ਕਰਨ, ਆਪਣੇ ਮਾਪਿਆਂ, ਅਧਿਆਪਕਾਂ ਅਤੇ ਸਕੂਲ ਦਾ ਨਾਮ ਰੌਸ਼ਨ ਕਰਨ ਅਤੇ ਜੀਵਨ ਵਿੱਚ ਉੱਚੇ ਮੁਕਾਮ ਹਾਸਲ ਕਰਨ। ਉਨ੍ਹਾਂ ਕਿਹਾ ਕਿ ਅੱਜ ਦੇ ਵਿਦਿਆਰਥੀ ਹੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਸਫ਼ਲਤਾ ਹੀ ਪੰਜਾਬ ਦੀ ਤਰੱਕੀ ਦਾ ਆਧਾਰ ਹੈ। ਸਕੂਲ ਦੇ ਪ੍ਰਿੰਸੀਪਲ ਜਤਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਨਾਲ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਬੱਚਿਆਂ ਦਾ ਹੌਸਲਾ ਵਧਿਆ ਹੈ ਅਤੇ ਸਿੱਖਿਆ ਦਾ ਮਿਆਰ ਲਗਾਤਾਰ ਉੱਚਾ ਹੋ ਰਿਹਾ ਹੈ। ਇਸ ਮੌਕੇ ਪਰਗਟ ਸਿੰਘ (ਸੈਕਟਰੀ ਕਾਂਝਲਾ), ਗੁਰਜੀਤ ਸਿੰਘ (ਆਮ ਆਦਮੀ ਪਾਰਟੀ ਆਗੂ ਕਾਂਝਲਾ), ਰਣਜੀਤ ਸਿੰਘ (ਪੰਚ ਕਾਂਝਲਾ) ਸਮੇਤ ਪਿੰਡ ਦੇ ਹੋਰ ਮੋਹਤਬਰ ਵਿਅਕਤੀ, ਸਕੂਲ ਦਾ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਮੰਡਲ ਦਫਤਰ ਵਿਖੇ ਰੋਸ ਰੈਲੀ ਕੀਤੀ ਗਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੀ.ਐਸ.ਈ.ਬੀ.ਇੰਪਲਾਈਜ਼ ਜੋਆਇੰਟ ਫੋਰਮ ਬਿਜਲੀ ਮੁਲਾਜਮ ਏਕਤ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜਨੀਅਰ, ਮਹਿਤ ਸਬ ਸਟੇਸਨ ਇੰਪਲਾਈਜ ਯੂਨੀਅਨ, ਪਾਵਰਕਾਮ ਅਤੇ ਟਰਾਸਕੋਂ ਪੈਨਸਨਰਜ ਯੂਨੀਅਨ ਏਟਕ ਅਤੇ ਪੈਨਸਨਰ ਵੈਲਫੇਅਰ ਫੈਡਰੇਸ਼ਨ ਪਹਿਲਵਾਨ ਦੇ-ਅਤੇ ਮੁਲਾਜ਼ਮ ਯੂਨਾਈਟਡ ਆਰਗੇਨੀਜਸਨ ਦੇ ਸੋਦੇ ਤੇ ਮੰਡਲ ਦਫਤਰ ਧੂਰੀ ਵਿਖੇ ਮਿਤੀ 21.22/07/2026 ਦੀ ਸਮੂਹਿਕ ਛੁੱਟੀ ਵਿੱਚ ਵਾਧਾ ਕਰਕੇ 23.24/07/2026 ਦੀ ਛੁੱਟੀ ਭਰਕੇ ਤੀਸਰੇ ਦਿਨ ਬਿਜਲੀ ਮੁਲਾਜਮ ਸਾਥੀਆਂ ਨੇ ਮੰਡਲ ਦਫਤਰ ਵਿਖੇ ਰੋਸ ਰੈਲੀ ਕੀਤੀ ਗਈ। ਜਿਸ ਵਿਚ ਮੁਲਾਜ਼ਮਾਂ ਦਾ ਕਹਿਣਾ ਹੈ ਕਿ ਮਿਤੀ 17.7.2020 ਦਾ ਨੋਟੀਫਿਕੇਸ਼ਨ ਰੱਦ ਕਰਕੇ, 35500 ਦਾ ਸਕੇਲ ਲਾਗੂ ਕਰਨਾ, ਪੈਡਿੰਗ 187. ਡੀ.ਏ ਦੀ ਕਿਸਤ ਜਾਰੀ ਕਰਨਾ, ਕੱਚੇ ਕਾਮੇ ਪੱਕੇ ਕਰਨ ਸਬੰਧੀ, ਛੇਵੇਂ ਪੇ ਕਮਿਸ਼ਨ ਦੀਆਂ ਰਹਿੰਦੀਆਂ ਤਰਟੀਆਂ ਦੂਰ ਕਰਕੇ ਸੋਧੇ ਹੋਏ ਸਕੇਲ ਲਾਗੂ ਕਰਨ ਸਬੰਧੀ, ਪੁਰਾਣੀ ਪੈਨਸ਼ਨ ਬਹਾਲ ਕਰਨ ਸਬੰਧੀ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਜਿਨ੍ਹਾਂ ਚਿਰ ਇਹ ਮੰਗਾ ਨਹੀ ਮੰਗਿਆਂ ਜਾਦੀਆਂ, ਉਨ੍ਹਾਂ ਚਿਰ ਸੰਘਰਸ ਜਾਰੀ ਰਹੇਗਾ। ਇਸ ਮੌਕੇ ਲਖਵੀਰ ਸਿੰਘ ਮੁਲੋਵਾਲ, ਅੰਮ੍ਰਿਤਪਾਲ ਸਿੰਘ, ਨਪਿੰਦਰ ਸਿੰਘ, ਰਮਨਦੀਪ ਸਿੰਘ ਫਰਵਾਹੀ, ਰਮਨਜੀਤ ਸਿੰਘ ਲਾਲੀ, ਲਖਵਿੰਦਰ ਸਿੰਘ ਬੇਨੜਾ, ਜਸਵੀਰ ਸ਼ਰਮਾ, ਗੁਰਪਾਲ ਸਿੰਘ, ਸੇਵਾ ਸਿੰਘ ਮੀਮਸਾ, ਅਮਰਜੀਤ ਸਿੰਘ, ਸੁਖਦੇਵ ਸ਼ਰਮਾ, ਫਲਜੀਤ ਸਿੰਘ, ਬੇਅੰਤ ਸਿੰਘ, ਮਨਜੀਤ ਸਿੰਘ ਲੱਡਾ, ਨਪਿੰਦਰ ਸਿੰਘ ਕਾਂਝਲਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਬਰਤਾਨੀਆ ਦੇ ਨਵੇਂ ਪ੍ਰਧਾਨ ਮੰਤਰੀ ਐਂਡੀ ਬਰਨਹਮ ਦੀ

# ਕੈਬਨਿਟ ਵਿੱਚ ਔਰਤਾਂ ਦਾ ਦਬਦਬਾ



**ਲੰਡਨ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਰਤਾਨੀਆ ਦੇ ਨਵੇਂ ਪ੍ਰਧਾਨ ਮੰਤਰੀ ਐਂਡੀ ਬਰਨਹਮ ਵੱਲੋਂ ਐਲਾਨੀ ਗਈ ਨਵੀਂ ਕੈਬਨਿਟ ਵਿੱਚ ਔਰਤਾਂ ਨੂੰ ਇਤਿਹਾਸਕ ਪੱਧਰ 'ਤੇ ਨੁਮਾਇੰਦਗੀ ਦਿੱਤੀ ਗਈ ਹੈ। ਨਵੀਂ ਸਰਕਾਰ ਦੀ ਕੈਬਨਿਟ ਵਿੱਚ ਕੁੱਲ 29 ਮੰਤਰੀਆਂ ਵਿੱਚੋਂ 14 ਔਰਤਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜੋ ਬਰਤਾਨਵੀ ਰਾਜਨੀਤੀ ਵਿੱਚ ਮਹਿਲਾ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ। ਨਵੀਂ ਕੈਬਨਿਟ ਵਿੱਚ ਉਪ ਪ੍ਰਧਾਨ ਮੰਤਰੀ, ਗ੍ਰਹਿ, ਵਿੱਤ, ਸਿੱਖਿਆ, ਸਿਹਤ, ਵਿਦੇਸ਼, ਨਿਆਂ ਅਤੇ ਹੋਰ ਕਈ ਅਹਿਮ ਵਿਭਾਗਾਂ ਦੀ ਜ਼ਿੰਮੇਵਾਰੀ ਵੀ ਮਹਿਲਾ ਮੰਤਰੀਆਂ ਨੂੰ ਸੌਂਪੀ ਗਈ ਹੈ। ਇਸ ਨਾਲ ਸਰਕਾਰ ਨੇ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਯੋਗਤਾ ਅਤੇ ਸਮਾਨਤਾ ਦੇ ਆਧਾਰ 'ਤੇ ਮਹਿਲਾਵਾਂ ਨੂੰ ਫ਼ੈਸਲਾ ਲੈਣ ਵਾਲੀਆਂ ਉੱਚ ਅਹੁਦਿਆਂ 'ਤੇ ਅੱਗੇ ਲਿਆਂਦਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਰਾਜਨੀਤਿਕ ਮਾਹਿਰਾਂ ਦਾ ਮੰਨਣਾ ਹੈ ਕਿ ਮਹਿਲਾਵਾਂ ਨੂੰ ਵੱਡੀ ਗਿਣਤੀ ਵਿੱਚ ਕੈਬਨਿਟ ਵਿੱਚ ਸ਼ਾਮਲ ਕਰਨਾ ਸਮਾਵੇਸ਼ੀ ਅਤੇ ਸੰਤੁਲਿਤ ਸ਼ਾਸਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਹੈ। ਇਸ ਨਾਲ ਸਰਕਾਰ ਨੂੰ ਦੇਸ਼ ਦੇ ਵੱਖ-ਵੱਖ ਵਰਗਾਂ ਅਤੇ ਖੇਤਰਾਂ ਦੀਆਂ ਲੋੜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਸਮਝਣ ਅਤੇ ਉਨ੍ਹਾਂ ਅਨੁਸਾਰ ਨੀਤੀਆਂ ਬਣਾਉਣ ਵਿੱਚ ਮਦਦ ਮਿਲੇਗੀ।

ਕਈ ਸਮਾਜਿਕ ਅਤੇ ਰਾਜਨੀਤਿਕ ਵਰਗਾਂ ਨੇ ਇਸ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਹੈ ਕਿ ਇਹ ਕਦਮ ਭਵਿੱਖ ਵਿੱਚ ਹੋਰ ਮਹਿਲਾਵਾਂ ਨੂੰ ਰਾਜਨੀਤੀ ਅਤੇ ਜਨਤਕ ਜੀਵਨ ਵਿੱਚ ਅੱਗੇ ਆਉਣ ਲਈ ਪ੍ਰੇਰਿਤ ਕਰੇਗਾ।

### ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਦੀ ਸਲਾਨਾ ਬਰਸੀ ਸਮਾਗਮ ਸਬੰਧੀ ਹੋਈ ਮੀਟਿੰਗ

# ਸਲਾਨਾ ਬਰਸੀ ਸਮਾਗਮ 2 ਅਗਸਤ ਦਿਨ ਐਤਵਾਰ ਨੂੰ







ਜਗਰਾਉਂ -(ਵਰਿਆਮ ਹਠੂਰ) ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਰਹਿ ਚੁੱਕੇ ਸਮਾਜ ਸੇਵੀ ਮਰਹੂਮ ਸ੍ਰੀ ਰਾਜ ਕੁਮਾਰ ਗੋਇਲ ਦੀ ਸਲਾਨਾ ਬਰਸੀ ਸਮਾਗਮ ਸਬੰਧੀ ਜਿਲ੍ਹਾ ਲੁਧਿਆਣਾ ਦੇ ਪਿੰਡ ਮਾਣੂੰਕੇ ਸੰਧੂ ਵਿਖੇ ਸ਼ਸੋਭਿਤ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੀ ਇੱਕ ਖਾਸ਼ ਮੀਟਿੰਗ ਮੁੱਖ ਪ੍ਰਬੰਧਕ ਜੀਵਨ ਕੁਮਾਰ ਗੋਲਡੀ ਦੀ ਅਗਵਾਈ ਹੇਠ ਹੋਈ, ਸਭ ਤੋਂ ਪਹਿਲਾ ਹਾਜਰ ਟਰੱਸਟ ਮੈਂਬਰਾਂ ਨੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ ਤੇ ਬਾਅਦ ਵਿੱਚ ਮੀਟਿੰਗ ਦੀ ਸ਼ੁਰੂਆਤ ਹੋਈ ਜਿਸ ਵਿੱਚ ਵੱਖ-ਵੱਖ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਤੋਂ ਬਾਅਦ ਬਰਸੀ ਸਮਾਗਮ ਨੂੰ ਵਧੀਆ ਢੰਗ ਨਾਲ ਨੇਪਰੇ ਚਾੜ੍ਹਨ ਲਈ ਟਰੱਸਟ ਮੈਂਬਰਾਂ ਅਤੇ ਹੋਰ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ, ਪ੍ਰੈਸ ਨਾਲ ਗੱਲਬਾਤ ਕਰਦਿਆਂ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਦੇ ਬੇਟੇ ਸਮਾਜ ਸੇਵੀ ਸ੍ਰੀ ਜੀਵਨ ਕੁਮਾਰ ਗੋਲਡੀ ਨੇ ਕਿਹਾ ਕਿ ਸਾਡੇ ਸਤਿਕਾਰਯੋਗ ਪਿਤਾ ਜੀ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਦੀ ਸਲਾਨਾ ਬਰਸੀ ਸਮਾਗਮ ਸਬੰਧੀ ਇੱਕ ਖਾਸ ਮੀਟਿੰਗ ਕੀਤੀ ਗਈ ਹੈ। ਤੇ ਟਰੱਸਟ ਮੈਂਬਰਾਂ ਨੂੰ ਡਿਊਟੀਆਂ ਸੌਂਪੀਆਂ ਗਈਆਂ ਹਨ। 31 ਜੁਲਾਈ ਨੂੰ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਪਿੰਡ ਮਾਣੂੰਕੇ ਵਿਖੇ ਬਰਸੀ ਸਮਾਗਮ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਹੋਵੇਗਾ ਜਿਨ੍ਹਾਂ ਦਾ ਭੋਗ ਮਿਤੀ 2 ਅਗਸਤ ਦਿਨ ਐਤਵਾਰ ਨੂੰ ਸਤਿਕਾਰ ਸਹਿਤ ਪਾਇਆ ਜਾਵੇਗਾ ਸਮਾਗਮ ਦੀ ਅਰੰਭਤਾ ਸਵੇਰੇ 10 ਵਜੇ ਹੋਵੇਗੀ ਤੇ ਕੀਰਤਨ ਦਰਬਾਰ ਸਜਾਇਆ ਜਾਵੇਗਾ, ਸਮਾਪਤੀ ਦੁਪਹਿਰ 1 ਵਜੇ ਹੋਵੇਗੀ ਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ, ਸ੍ਰੀ ਜੀਵਨ ਕੁਮਾਰ ਗੋਲਡੀ ਨੇ ਅੱਗੇ ਕਿਹਾ ਕਿ ਬਰਸੀ ਸਮਾਗਮ ਵਿੱਚ ਰਿਸਤੇਦਾਰਾਂ ਮਿੱਤਰਾਂ ਸਮੇਤ ਨਗਰ ਪੰਚਾਇਤਾਂ, ਕਲੱਬਾਂ, ਵੱਖ-ਵੱਖ ਧਾਰਮਿਕ ਸਮਾਜਿਕ ਅਤੇ ਰਾਜਨੀਤਕ ਸ਼ਖਸੀਅਤਾਂ ਹਾਜਰੀਆਂ ਭਰਨਗੀਆਂ, ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ ਨੇ ਕਿਹਾ ਕਿ ਮਰਹੂਮ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਜਿੱਥੇ ਇੱਕ ਵਧੀਆ ਸਖ਼ਸੀਅਤ ਦੇ ਮਾਲਕ ਸਨ। ਤੇ ਹਰ ਇੱਕ ਨਾਲ ਅੱਛਾ ਰਸੂਖ ਰੱਖਣ ਵਾਲੇ ਇਨਸਾਨ ਸਨ। ਉੱਥੇ ਉਨ੍ਹਾਂ ਦਾ ਪਰਿਵਾਰ ਸਮਾਜ ਸੇਵੀ ਪਰਿਵਾਰ ਹੈ। ਜਿੰਨ੍ਹਾਂ ਵੱਲੋਂ ਪਿੰਡ ਮਾਣੂੰਕੇ ਵਿੱਚ ਜਿੱਥੇ ਚੇਅਰਮੈਨ ਸ੍ਰੀ ਰਾਜ ਕੁਮਾਰ ਗੋਇਲ ਯਾਦਗਾਰੀ ਲਾਇਬ੍ਰੇਰੀ ਚਲਾਈ ਜਾ ਰਹੀ ਹੈ। ਉੱਥੇ ਬੱਚੀਆਂ ਲਈ ਸਿਲਾਈ ਕਢਾਈ ਸੈਂਟਰ ਵੀ ਚੱਲ ਰਿਹਾ ਹੈ। ਜੋ ਸਲਾਘਯੋਗ ਕਦਮ ਹੈ। ਇਸ ਮੌਕੇ ਬਲਜੀਤ ਸਿੰਘ ਝੱਲੀ, ਦਲਜੀਤ ਸਿੰਘ, ਕੁਲਦੀਪ ਸਿੰਘ, ਹਰਬੰਸ ਸਿੰਘ ਝੱਲੀ, ਪੱਪੂ, ਪਿੰਦਰ ਸਿੰਘ ਮਾਣੂੰਕੇ, ਤਾਰੀ, ਬਲਵਿੰਦਰ ਸਿੰਘ, ਮਿੰਦਰ ਪੰਡਿਤ, ਮੱਦੀ, ਮਿਸਤਰੀ ਭੋਲਾ ਸਿੰਘ, ਇੰਦਰਜੀਤ ਸਿੰਘ, ਸੁਖਦੀਪ ਸਿੰਘ ਰਾਣਾ, ਅਮਰਜੀਤ ਸਿੰਘ, ਹਰਦੇਵ ਸਿੰਘ, ਸਤਨਾਮ ਸਿੰਘ ਸੱਤੀ, ਜੀਤ ਸਿੰਘ, ਭਪਿੰਦਰ ਸਿੰਘ, ਚਮਕੌਰ ਸਿੰਘ ., ਅਮਨਾ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਰਤਾਨੀਆ ਵਿੱਚ ਬੱਸ ਯਾਤਰੀਆਂ ਨੂੰ ਵੱਡੀ ਰਾਹਤ: ਵੱਧ ਤੋਂ ਵੱਧ ਕਿਰਾਇਆ 2 ਪੌਂਡ ਕਰਨ ਦਾ ਐਲਾਨ



**ਲੰਡਨ, 23 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬਰਤਾਨੀਆ ਦੀ ਸਰਕਾਰ ਨੇ ਜਨਤਕ ਆਵਾਜਾਈ ਨੂੰ ਹੋਰ ਸਸਤਾ ਅਤੇ ਲੋਕਾਂ ਲਈ ਸੁਵਿਧਾਜਨਕ ਬਣਾਉਣ ਦੇ ਉਦੇਸ਼ ਨਾਲ ਇੰਗਲੈਂਡ ਵਿੱਚ ਬੱਸ ਯਾਤਰੀਆਂ ਨੂੰ ਵੱਡੀ ਰਾਹਤ ਦੇਣ ਦਾ ਐਲਾਨ ਕੀਤਾ ਹੈ। ਪ੍ਰਧਾਨ ਮੰਤਰੀ ਐਂਡੀ ਬਰਨਹਮ ਦੀ ਅਗਵਾਈ ਹੇਠ ਸਰਕਾਰ ਨੇ ਵੱਧ ਤੋਂ ਵੱਧ ਬੱਸ ਕਿਰਾਇਆ 2 ਪੌਂਡ ਤੱਕ ਸੀਮਤ ਕਰਨ ਦੀ ਯੋਜਨਾ ਦਾ ਐਲਾਨ ਕੀਤਾ ਹੈ, ਜੋ ਜਨਵਰੀ 2027 ਤੋਂ ਲਾਗੂ ਕੀਤੀ ਜਾਵੇਗੀ।

ਸਰਕਾਰ ਦਾ ਕਹਿਣਾ ਹੈ ਕਿ ਇਸ ਫ਼ੈਸਲੇ ਨਾਲ ਰੋਜ਼ਾਨਾ ਬੱਸਾਂ ਰਾਹੀਂ ਸਫ਼ਰ ਕਰਨ ਵਾਲੇ ਲੱਖਾਂ ਯਾਤਰੀਆਂ ਨੂੰ ਸਿੱਧਾ ਲਾਭ ਮਿਲੇਗਾ। ਇਸ ਨਾਲ ਨਾ ਸਿਰਫ਼ ਲੋਕਾਂ ਦਾ ਯਾਤਰਾ ਖ਼ਰਚ ਘਟੇਗਾ, ਸਗੋਂ ਜਨਤਕ ਆਵਾਜਾਈ ਦੀ ਵਰਤੋਂ ਵਿੱਚ ਵੀ ਵਾਧਾ ਹੋਵੇਗਾ, ਜਿਸ ਨਾਲ ਸੜਕਾਂ 'ਤੇ ਨਿੱਜੀ ਵਾਹਨਾਂ ਦੀ ਗਿਣਤੀ ਘਟਾਉਣ ਅਤੇ ਵਾਤਾਵਰਨ ਦੀ ਸੁਰੱਖਿਆ ਵਿੱਚ ਮਦਦ ਮਿਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰ ਅਨੁਸਾਰ ਇਸ ਯੋਜਨਾ ਨੂੰ ਲਾਗੂ ਕਰਨ ਲਈ ਸੈਂਕੜੇ ਮਿਲੀਅਨ ਪੌਂਡ ਦਾ ਖ਼ਰਚ ਕੀਤਾ ਜਾਵੇਗਾ। ਯੋਜਨਾ ਤਹਿਤ ਬੱਸ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ, ਯਾਤਰੀਆਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕਰਨ ਅਤੇ ਸਥਾਨਕ ਆਵਾਜਾਈ ਪ੍ਰਣਾਲੀ ਨੂੰ ਬਿਹਤਰ ਬਣਾਉਣ 'ਤੇ ਵੀ ਧਿਆਨ ਦਿੱਤਾ ਜਾਵੇਗਾ।

ਆਵਾਜਾਈ ਮਾਹਿਰਾਂ ਦਾ ਮੰਨਣਾ ਹੈ ਕਿ ਕਿਰਾਏ ਵਿੱਚ ਇਹ ਕਟੌਤੀ ਆਮ ਲੋਕਾਂ, ਵਿਦਿਆਰਥੀਆਂ, ਨੌਕਰੀਪੇਸ਼ਾ ਕਰਮਚਾਰੀਆਂ ਅਤੇ ਬਜ਼ੁਰਗਾਂ ਲਈ ਵਿਸ਼ੇਸ਼ ਤੌਰ 'ਤੇ ਲਾਹੇਵੰਦ ਸਾਬਤ ਹੋਵੇਗੀ। ਇਸ ਦੇ ਨਾਲ ਹੀ ਦੇਸ਼ ਵਿੱਚ ਜਨਤਕ ਆਵਾਜਾਈ ਦੀ ਵਰਤੋਂ ਨੂੰ ਉਤਸ਼ਾਹ ਮਿਲਣ ਦੀ ਉਮੀਦ ਹੈ। ਸਰਕਾਰ ਨੇ ਕਿਹਾ ਹੈ ਕਿ ਯੋਜਨਾ ਦੇ ਲਾਗੂ ਹੋਣ ਤੋਂ ਪਹਿਲਾਂ ਬੱਸ ਆਪਰੇਟਰਾਂ ਅਤੇ ਸਥਾਨਕ ਪ੍ਰਸ਼ਾਸਨਾਂ ਨਾਲ ਮਿਲ ਕੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾਣਗੇ, ਤਾਂ ਜੋ ਜਨਵਰੀ 2027 ਤੋਂ ਇਹ ਸਕੀਮ ਸੁਚਾਰੂ ਢੰਗ ਨਾਲ ਲਾਗੂ ਹੋ ਸਕੇ।

# ਉੱਤਰਾਖੰਡ ਵਿੱਚ ਹੋਇਆ ਪੇਪਰ ਲੀਕ, ਦੋ ਪ੍ਰੀਖਿਆਵਾਂ ਰੱਦ, ਦਿੱਲੀ ਵਿੱਚ ਨੀਟ ਮਾਮਲੇ ਨੂੰ ਲੈ ਕੇ ਧਰਨੇ ਜਾਰੀ




**ਨਵੀਂ ਦਿੱਲੀ 23 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਵਿੱਚ ਨੀਟ ਪੇਪਰ ਲੀਕ ਮਾਮਲੇ ਨੂੰ ਲੈ ਕੇ ਨੌਜਵਾਨਾਂ ਦੇ ਧਰਨੇ ਅਤੇ ਵਿਰੋਧ ਪ੍ਰਦਰਸ਼ਨ ਜਾਰੀ ਹਨ। ਇਸੇ ਦਰਮਿਆਨ ਉੱਤਰਾਖੰਡ ਦੇ ਦੇਹਰਾਦੂਨ ਸਥਿਤ ਵੀਰ ਮਾਧੋ ਸਿੰਘ ਭੰਡਾਰੀ ਉੱਤਰਾਖੰਡ ਤਕਨੀਕੀ ਯੂਨੀਵਰਸਿਟੀ ਨੇ ਪੇਪਰ ਲੀਕ ਦੇ ਮਾਮਲੇ ਵਿੱਚ ਦੋ ਵਿਸ਼ਿਆਂ ਦੀਆਂ ਪ੍ਰੀਖਿਆਵਾਂ ਰੱਦ ਕਰ ਦਿੱਤੀਆਂ ਹਨ। ਜਾਂਚ ਵਿੱਚ ਸਾਹਮਣੇ ਆਇਆ ਕਿ ਬਾਹਰੀ ਪੇਪਰ ਸੈਟਰ ਅਤੇ ਸ਼ਿਵਾਲਿਕ ਕਾਲਜ ਆਫ ਇੰਜੀਨੀਅਰਿੰਗ ਦੇ ਸਹਾਇਕ ਪ੍ਰੋਫੈਸਰ ਆਸ਼ੀਸ਼ ਕੁਮਾਰ ਗੁਪਤਾ ਨੇ ਪ੍ਰੀਖਿਆ ਤੋਂ ਪਹਿਲਾਂ ਪ੍ਰਸ਼ਨ ਵਿਦਿਆਰਥੀਆਂ ਨਾਲ ਸਾਂਝੇ ਕੀਤੇ ਸਨ। ਯੂਨੀਵਰਸਿਟੀ ਨੇ 'ਮਸ਼ੀਨ ਲਰਨਿੰਗ ਫਾਰ ਇੰਟਰਨੈੱਟ ਆਫ ਥਿੰਗਜ਼' ਅਤੇ 'ਇਲੈਕਟ੍ਰੋਮੈਗਨੈਟਿਕ ਫੀਲਡ ਥਿਊਰੀ' ਦੀਆਂ ਪ੍ਰੀਖਿਆਵਾਂ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤੀਆਂ ਹਨ। ਆਸ਼ੀਸ਼ ਕੁਮਾਰ ਗੁਪਤਾ ਨੂੰ ਸੱਤ ਸਾਲ ਲਈ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਨਾਲ ਜੁੜੀ ਹਰ ਜ਼ਿੰਮੇਵਾਰੀ ਤੋਂ ਪਾਬੰਦੀਸ਼ੁਦਾ ਕਰ ਦਿੱਤਾ ਗਿਆ ਹੈ, ਜਦਕਿ ਸ਼ਿਵਾਲਿਕ ਕਾਲਜ ਨੂੰ ਸਖ਼ਤ ਚੇਤਾਵਨੀ ਜਾਰੀ ਕੀਤੀ ਗਈ ਹੈ। ਦੋਵੇਂ ਵਿਸ਼ਿਆਂ ਦੀ ਮੁੜ ਪ੍ਰੀਖਿਆ ਅਗਸਤ 2026 ਦੇ ਤੀਜੇ ਹਫ਼ਤੇ ਵਿੱਚ ਕਰਵਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਹਲਕਾ ਇੰਚਾਰਜ ਰੰਧਾਵਾ ਨੇ ਬਰਨਾਲੇ ਸਫਾਈ ਸੇਵਕਾਂ 'ਤੇ ਲਾਠੀਚਾਰਜ ਦੀ ਕੀਤੀ ਨਿੰਦਾ



ਧੂਰੀ ( ਰਣਜੀਤ ਸਿੰਘ ਪੇਧਨੀ ) ਬਰਨਾਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕਰ ਰਹੇ ਸਫਾਈ ਸੇਵਕਾਂ 'ਤੇ ਪੁਲਿਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਲਈ ਸ਼ਾਂਤਮਈ ਢੰਗ ਨਾਲ ਸੰਘਰਸ਼ ਕਰ ਰਹੇ ਸਫਾਈ ਸੇਵਕਾਂ 'ਤੇ ਬਲ ਪ੍ਰਯੋਗ ਕਰਨਾ ਬਹੁਤ ਹੀ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦਾ ਹੱਲ ਗੱਲਬਾਤ ਰਾਹੀਂ ਕਰਨਾ ਚਾਹੀਦਾ ਹੈ, ਨਾ ਕਿ ਲਾਠੀਚਾਰਜ ਕਰਕੇ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਲਾਠੀਚਾਰਜ ਦੀ ਨਿਰਪੱਖ ਜਾਂਚ ਕਰਵਾਈ ਜਾਵੇ, ਦੋਸ਼ੀਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਸਫਾਈ ਸੇਵਕਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦ ਤੋਂ ਜਲਦ ਪੂਰਾ ਕੀਤਾ ਜਾਵੇ। ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਰ ਵਰਗ ਦੇ ਹੱਕਾਂ ਦੀ ਲੜਾਈ ਵਿੱਚ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹਾ ਹੈ ਅਤੇ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਹਰ ਕੋਸ਼ਿਸ਼ ਦਾ ਡਟ ਕੇ ਵਿਰੋਧ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬ੍ਰਿਟਿਸ਼ ਸੰਸਦ ਵਿੱਚ ਸਿੱਖਾਂ ਦੀ ਉਠੀ ਗੂੰਜ ਕਿਹਾ ਐਂਟੀ-ਸਿੱਖ ਨਫ਼ਰਤ ਰੋਕੋ

# 1984 ਦੀ ਸੱਚਾਈ ਲਿਆਓ ਸਾਹਮਣੇ, ਜੱਗੀ ਜੌਹਲ ਨੂੰ ਕਰਵਾਓ ਰਿਹਾਅ



**ਨਵੀਂ ਦਿੱਲੀ, 23 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:- ਬ੍ਰਿਟੇਨ ਦੀ ਸੰਸਦ ਵਿੱਚ ਦੇਸ਼ ਭਰ ਤੋਂ ਪਹੁੰਚੇ ਸਿੱਖਾਂ ਨੇ 130 ਤੋਂ ਵੱਧ ਸੰਸਦ ਮੈਂਬਰਾਂ ਨੂੰ ਮਿਲ ਕੇ ਐਂਟੀ-ਸਿੱਖ ਨਫ਼ਰਤੀ ਅਪਰਾਧਾਂ, ਸਿੱਖ ਪਛਾਣ, 1984 ਜਾਂਚ ਅਤੇ ਜਗਤਾਰ ਸਿੰਘ ਜੌਹਲ ਦੀ ਰਿਹਾਈ ਸਮੇਤ ਕਈ ਅਹਿਮ ਮਸਲੇ ਉਠਾਏ। ਇਲਫੋਰਡ ਸਾਊਥ ਤੋਂ ਲੇਬਰ ਸੰਸਦ ਮੈਂਬਰ ਅਤੇ ਬ੍ਰਿਟਿਸ਼ ਸਿੱਖਾਂ ਲਈ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ ਦੇ ਚੇਅਰ ਜਸ ਅਟਵਾਲ ਦੀ ਅਗਵਾਈ ਹੇਠ ਹੋਈ ਇਸ ਲਾਬੀ ਵਿੱਚ 25 ਤੋਂ 30 ਸੰਸਦ ਮੈਂਬਰਾਂ ਨੇ ਹਿੱਸਾ ਲਿਆ। ਸਿੱਖ ਨੈੱਟਵਰਕ ਨੇ ਦੇਸ਼-ਪੱਧਰੀ ਸਰਵੇਖਣ ਦੇ ਅੰਕੜੇ ਜਾਰੀ ਕਰਦਿਆਂ ਦੱਸਿਆ ਕਿ ਮਈ ਦੇ ਮੱਧ ਤੋਂ ਐਂਟੀ-ਸਿੱਖ ਨਫ਼ਰਤੀ ਘਟਨਾਵਾਂ ਵਿੱਚ ਚਿੰਤਾਜਨਕ ਵਾਧਾ ਹੋਇਆ ਹੈ। ਗ੍ਰਹਿ ਮੰਤਰਾਲੇ ਅਤੇ ਰਿਹਾਇਸ਼, ਭਾਈਚਾਰਕ ਮਾਮਲੇ ਅਤੇ ਸਥਾਨਕ ਸਰਕਾਰ ਮੰਤਰਾਲੇ ਨੂੰ ਇਹ ਨਤੀਜੇ ਸਾਂਝੇ ਕਰਕੇ ਕਾਰਵਾਈ ਲਈ ਕਿਹਾ ਗਿਆ, ਪਰ ਨਵੇਂ ਪ੍ਰਧਾਨ ਮੰਤਰੀ ਦੀ ਉਡੀਕ ਕਾਰਨ ਹਾਲੇ ਤੱਕ ਕੋਈ ਜਵਾਬ ਨਹੀਂ ਮਿਲਿਆ। ਬੋਰਡ ਆਫ ਡਿਪਿਊਟੀਜ਼ ਦੇ ਮੁੱਖ ਕਾਰਜਕਾਰੀ ਅਧਿਕਾਰੀ ਮਾਈਕਲ ਵਾਈਗਰ ਨੇ ਸਰਕਾਰ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਨੂੰ ਐਂਟੀ-ਸਿੱਖ ਨਫ਼ਰਤ ਰੋਕਣ ਲਈ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ ਅਪੀਲ ਕੀਤੀ। ਲਾਬੀ ਦੌਰਾਨ ਸਿੱਖ ਫੈਡਰੇਸ਼ਨ (ਯੂਕੇ) ਦੇ ਨੁਮਾਇੰਦਿਆਂ ਨੇ ਕਿਹਾ ਕਿ ਕੀਅਰ ਸਟਾਰਮਰ ਨੇ ਵਿਰੋਧੀ ਧਿਰ ਦੇ ਨੇਤਾ ਵਜੋਂ ਐਂਟੀ-ਸਿੱਖ ਨਫ਼ਰਤ ਖ਼ਿਲਾਫ਼ ਕਾਰਵਾਈ ਦਾ ਵਾਅਦਾ ਕੀਤਾ ਸੀ, ਪਰ ਦੋ ਸਾਲਾਂ ਵਿੱਚ ਕੋਈ ਠੋਸ ਤਰੱਕੀ ਨਹੀਂ ਹੋਈ। ਜਸ ਸਿੰਘ ਨੇ ਵੁਲਵਰਹੈਂਪਟਨ, ਓਲਡਬਰੀ ਅਤੇ ਵਾਲਸਾਲ ਦੇ ਐਂਟੀ-ਸਿੱਖ ਮਾਮਲਿਆਂ ਨਾਲ ਹੀ ਹੇਜ਼ ਵਿੱਚ 24 ਸਾਲਾ ਕਿਰਨਦੀਪ ਕੌਰ ਦੇ ਨਸਲੀ ਕਤਲ ਦਾ ਜ਼ਿਕਰ ਕੀਤਾ। ਸੰਸਦ ਮੈਂਬਰਾਂ ਨੂੰ ਦੱਸਿਆ ਗਿਆ ਕਿ ਐਂਡੀ ਬਰਨਹਮ ਨਾਲ ਹਾਲੀਆ ਮੀਟਿੰਗ ਵਿੱਚ ਐਂਟੀ-ਸਿੱਖ ਨਫ਼ਰਤ ਨੂੰ ਯਹੂਦੀ ਅਤੇ ਮੁਸਲਿਮ ਵਿਰੋਧੀ ਨਫ਼ਰਤ ਦੇ ਬਰਾਬਰ ਮਾਨਤਾ ਦੇਣ, ਸ੍ਰੀ ਸਾਹਿਬ (ਕਿਰਪਾਨ) ਸਬੰਧੀ ਕਾਨੂੰਨ ਵਿੱਚ ਕੋਈ ਤਬਦੀਲੀ ਨਾ ਕਰਨ ਅਤੇ ਸਿੱਖਾਂ ਦੇ ਪੰਜ ਕਕਾਰਾਂ ਤੇ ਦਸਤਾਰ ਲਈ ਕਾਨੂੰਨੀ ਆਚਾਰ ਸੰਹਿਤਾ ਲਾਗੂ ਕਰਨ ਦੀ ਮੰਗ ਕੀਤੀ ਗਈ। ਸੰਸਦ ਮੈਂਬਰਾਂ ਨੇ ਇਸ ਮੰਗ ਦਾ ਸਮਰਥਨ ਕੀਤਾ। ਸਿੱਖ ਜਥੇਬੰਦੀਆਂ ਨੇ ਐਂਡੀ ਬਰਨਹਮ ਅੱਗੇ 1984 ਵਿੱਚ ਮਾਰਗਰੈਟ ਥੈਚਰ ਸਰਕਾਰ ਦੀਆਂ ਐਂਟੀ-ਸਿੱਖ ਕਾਰਵਾਈਆਂ ਬਾਰੇ ਜੱਜ ਦੀ ਅਗਵਾਈ ਹੇਠ ਜਨਤਕ ਜਾਂਚ ਕਰਵਾਉਣ ਅਤੇ ਭਾਰਤ ਵਿੱਚ ਸਾਢੇ ਅੱਠ ਸਾਲ ਤੋਂ ਵੱਧ ਸਮੇਂ ਤੋਂ ਕੈਦ ਜਗਤਾਰ ਸਿੰਘ ਜੌਹਲ ਦੀ ਤੁਰੰਤ ਰਿਹਾਈ ਯਕੀਨੀ ਬਣਾਉਣ ਦੀ ਮੰਗ ਵੀ ਰੱਖੀ। ਵੱਖ-ਵੱਖ ਪਾਰਟੀਆਂ ਦੇ ਸੰਸਦ ਮੈਂਬਰਾਂ ਨੇ ਐਂਟੀ-ਸਿੱਖ ਨਫ਼ਰਤ ਦੀ ਇਕਸੁਰ ਹੋ ਕੇ ਨਿੰਦਾ ਕੀਤੀ। ਸਿੱਖ ਫੈਡਰੇਸ਼ਨ (ਯੂਕੇ) ਦੇ ਚੇਅਰ ਭਾਈ ਅਮਰੀਕ ਸਿੰਘ ਨੇ ਕਿਹਾ ਕਿ ਨਵੇਂ ਲੇਬਰ ਨੇਤ੍ਰਿਤਵ ਦੀ ਪਰਖ ਹੁਣ ਉਸਦੇ ਕੰਮਾਂ ਨਾਲ ਹੋਵੇਗੀ ਅਤੇ ਜੇਕਰ ਸਿੱਖ ਭਾਈਚਾਰੇ ਨਾਲ ਸਿੱਧਾ ਤੇ ਭਰੋਸੇਯੋਗ ਸੰਵਾਦ ਸ਼ੁਰੂ ਨਾ ਹੋਇਆ ਤਾਂ ਲੇਬਰ ਨੂੰ ਇਸ ਦੀ ਰਾਜਨੀਤਿਕ ਕੀਮਤ ਚੁਕਾਉਣੀ ਪਵੇਗੀ।

### ਸਫ਼ਾਈ ਸੇਵਕਾਂ ਦੀ ਅਣਮਿੱਥੇ ਸਮੇਂ ਲਈ ਹੜਤਾਲ ਜਾਰੀ ਸ਼ਹਿਰ 'ਚ

# ਥਾਂ—ਥਾਂ ਲੱਗੇ ਕੂੜੇ ਦੇ ਢੇਰ, ਬੀਮਾਰੀਆਂ ਫੈਲਣ ਦਾ ਖ਼ਤਰਾ



ਫ਼ਿਰੋਜ਼ਪੁਰ, 23 ਜੁਲਾਈ (ਮਨੋਹਰ ਲਾਲ):— ਫ਼ਿਰੋਜ਼ਪੁਰ ਸ਼ਹਿਰ ਵਿੱਚ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਕੇ ਸਫ਼ਾਈ ਸੇਵਕਾਂ ਵੱਲੋਂ ਸ਼ੁਰੂ ਕੀਤੀ ਗਈ ਹੜਤਾਲ ਲਗਾਤਾਰ ਜਾਰੀ ਹੈ। ਪ੍ਰਸ਼ਾਸਨ ਅਤੇ ਸਰਕਾਰ ਵੱਲੋਂ ਸਫ਼ਾਈ ਸੇਵਕਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਾ ਦਿੱਤੇ ਜਾਣ ਕਾਰਨ ਸਫ਼ਾਈ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਫ਼ਾਈ ਸੇਵਕਾਂ ਦੀ ਹੜਤਾਲ ਦੇ ਚੱਲਦਿਆਂ ਪੂਰੇ ਫ਼ਿਰੋਜ਼ਪੁਰ ਸ਼ਹਿਰ ਵਿੱਚ ਥਾਂ—ਥਾਂ ਕੂੜੇ ਦੇ ਵੱਡੇ—ਵੱਡੇ ਢੇਰ ਲੱਗ ਚੁੱਕੇ ਹਨ ਅਤੇ ਬਜ਼ਾਰਾਂ, ਗਲੀਆਂ ਅਤੇ ਮੁੱਖ ਰੋਡ ਤੇ ਖਿਲਰੇ ਕੂੜੇ ਕਾਰਨ ਬਦਬੂ ਫੈਲ ਰਹੀ ਹੈ, ਜਿਸ ਨਾਲ ਲੰਘਣ ਵਾਲੇ ਰਾਹੀਆਂ ਅਤੇ ਦੁਕਾਨਦਾਰਾਂ ਦਾ ਜੀਣਾ ਦੁੱਭਰ ਹੋ ਗਿਆ ਹੈ। ਸਥਾਨਕ ਨਿਵਾਸੀਆਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਨੇ ਜਲਦ ਹੀ ਇਸ ਸਮੱਸਿਆ ਦਾ ਹੱਲ ਨਾ ਕੀਤਾ ਤਾਂ ਸ਼ਹਿਰ ਵਿੱਚ ਕੋਈ ਭਿਆਨਕ ਬੀਮਾਰੀ ਫੈਲਣ ਦਾ ਖ਼ਤਰਾ ਬਣਿਆ ਹੋਇਆ ਹੈ।

ਫ਼ਿਰੋਜ਼ਪੁਰ ਸਫ਼ਾਈ ਸੇਵਕ ਯੂਨੀਅਨ ਦੇ ਪ੍ਰਧਾਨ ਨੇ ਗੱਲਬਾਤ ਕਰਦਿਆਂ ਸਪੱਸ਼ਟ ਕੀਤਾ ਕਿ ਉਹ ਆਪਣੀਆਂ ਜਾਇਜ਼ ਮੰਗਾਂ ਲਈ ਲੰਮੇ ਸਮੇਂ ਤੋਂ ਆਵਾਜ਼ ਉਠਾ ਰਹੇ ਹਨ, ਪਰ ਸਰਕਾਰ ਟਸ ਤੋਂ ਮਸ ਨਹੀਂ ਹੋ ਰਹੀ। ਪ੍ਰਧਾਨ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਅਤੇ ਗੱਲਬਾਤ ਰਾਹੀਂ ਹੱਲ ਨਾ ਕੱਢਿਆ ਤਾਂ ਇਹ ਧਰਨਾ ਅਤੇ ਹੜਤਾਲ ਅਣਮਿੱਥੇ ਸਮੇਂ ਲਈ ਇਸੇ ਤਰ੍ਹਾਂ ਜਾਰੀ ਰਹੇਗੀ। ਫ਼ਿਰੋਜ਼ਪੁਰ ਸ਼ਹਿਰ ਦੇ ਵਾਸੀਆਂ ਨੇ ਵੀ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਫ਼ਾਈ ਸੇਵਕਾਂ ਦੀਆਂ ਮੰਗਾਂ ਨੂੰ ਜਲਦੀ ਤੋਂ ਜਲਦੀ ਪ੍ਰਵਾਨ ਕੀਤਾ ਜਾਵੇ। ਸ਼ਹਿਰ ਵਾਸੀਆਂ ਦਾ ਮੰਨਣਾ ਹੈ ਕਿ ਜਨਤਾ ਨੂੰ ਗੰਦਗੀ ਅਤੇ ਬੀਮਾਰੀਆਂ ਦੇ ਖ਼ਤਰੇ ਤੋਂ ਬਚਾਉਣ ਲਈ ਸਰਕਾਰ ਨੂੰ ਤੁਰੰਤ ਸਫ਼ਾਈ ਸੇਵਕਾਂ ਨਾਲ ਮੇਜ਼ ਤੇ ਬੈਠ ਕੇ ਮਸਲਾ ਹੱਲ ਕਰਨਾ ਚਾਹੀਦਾ ਹੈ।

# ਨਸ਼ਾ ਰੋਕੂ ਕਮੇਟੀ ਨੇ ਪੇਧਨੀ ਕਲਾਂ ਵਿਖੇ ਸਤਲੁਜ ਫਿਲਮ ਦਿਖਾਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਲੰਮੇ ਸਮੇਂ ਤੋਂ ਸਮਾਜ ਦੇ ਖੇਤਰ ਵਿੱਚ ਆਪਣਾ ਯੋਗਦਾਨ ਪਾ ਰਹੇ ਨਸਾਂ ਰੋਕੂ ਕਮੇਟੀ ਦੇ ਮੁੱਖ ਸੇਵਾਦਾਰ ਬਲਵਿੰਦਰ ਸਿੰਘ ਬਿੰਦਾ ਖੇੜੀ ਦੀ ਅਗਵਾਈ ਹੇਠ ਵੱਖ-ਵੱਖ ਪਿੰਡਾਂ ਵਿੱਚ ਦਲਜੀਤ ਦੁਸਾਂਝ ਦੀ ਫਿਲਮ ਨੂੰ ਦਿਖਾਇਆ ਜਾ ਰਿਹਾ ਹੈ। ਜਿਸ ਦੇ ਚੱਲਦਿਆਂ ਗੁਰਦੁਆਰਾ ਦੇਹਰਾ ਸਾਹਿਬ ਵਿਖੇ ਬਾਬਾ ਪਰਮਜੀਤ ਸਿੰਘ ਅਤੇ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ ਫਿਲਮ ਦਿਖਾਈ ਗਈ । ਇਸ ਮੌਕੇ ਗੁਰਿੰਦਰਜੀਤ ਸਿੰਘ, ਹਰਦੀਪ ਸਿੰਘ, ਸਨਮੁਖ ਸਿੰਘ ਖੇੜੀ, ਗਗਨਦੀਪ ਸਿੰਘ, ਗੁਰਮਿਲਾਪ ਸਿੰਘ ਖਜ਼ਾਨਚੀ ਅਤੇ ਕੁਲਦੀਪ ਸਿੰਘ ਪੰਚ, ਸੁਰਜੀਤ ਸਿੰਘ ਪੰਚ ਹਾਜਰ ਸਨ।

## ਮੰਗਾਂ ਨੂੰ ਲੈ ਕੇ ਪਾਵਰਕੌਮ ਕਾਮਿਆਂ ਕੀਤਾ ਰੋਹ ਮੁਜ਼ਾਹਰਾ



ਫ਼ਿਰੋਜ਼ਪੁਰ, 23 ਜੁਲਾਈ (ਮਨੋਹਰ ਲਾਲ) :— ਏਕਤਾ ਮੰਚ ਪੰਜਾਬ ਅਤੇ ਜੁਆਇੰਟ ਫੋਰਮ ਪੰਜਾਬ ਦੇ ਸੱਦੇ ਤੇ ਅੱਜ ਤੀਸਰੇ ਦਿਨ ਸਮੂਹਿਕ ਛੁੱਟੀ ਲੈ ਕੇ ਸਰਕਲ ਫ਼ਿਰੋਜ਼ਪੁਰ ਦੇ ਬਿਜਲੀ ਕਰਮਚਾਰੀਆਂ ਨੇ ਅਜੇ ਸਤੀਸ਼ ਕੁਮਾਰ ਸਕੱਤਰ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਦੀ ਪ੍ਰਧਾਨਗੀ ਹੇਠ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਅਤੇ ਐਸ.ਯੂ.ਓ ਵੱਲੋਂ ਸਾਂਝੇ ਤੌਰ ਤੇ ਸਿਟੀ ਡਵੀਜਨ ਅਤੇ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਵਿਖੇ ਰੋਸ ਧਰਨਾ ਦਿੱਤਾ ਗਿਆ ਅਤੇ ਧਰਨੇ ਨੂੰ ਸੰਬੋਧਨ ਕਰਦਿਆਂ ਸਾਥੀ ਰਾਕੇਸ਼ ਸੈਨੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਅਤੇ ਹਤੇਸ਼ ਕੁਮਾਰ ਸੈਕਟਰੀ ਪੰਜਾਬ ਐਸ.ਯੂ.ਓ ਅਤੇ ਸਤੀਸ਼ ਕੁਮਾਰ ਸਾਬਕਾ ਆਗੂ ਪੰਜਾਬ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰ/ਟਰਾਂਸਕੋ ਦੀ ਮੈਨੇਜਮੈਂਟ ਵੱਲੋਂ ਮੰਗੀਆਂ ਮੰਗਾਂ ਜਿਵੇਂ ਕਿ 17.07.2020 ਵਾਲਾ ਪੱਤਰ ਰੱਦ ਕਰਕੇ ਕਰਮਚਾਰੀਆਂ ਨੂੰ ਛੇਵਾਂ ਸਕੇਲ ਲਾਗੂ ਕਰਨਾ, ਸੀ.ਆਰ.ਏ 249/04, 267/11, 281/13 ਵਾਲੇ ਕਰਮਚਾਰੀਆਂ ਦੀ ਸੇਵਾ ਰੈਗੂਲਰ ਕਰਨ, 18 ਫੀਸਦੀ ਬਕਾਇਆ ਡੀ.ਏ ਦੀ ਕਿਸ਼ਤਾਂ ਜਾਰੀ ਕਰਨਾ ਅਤੇ ਅਗੇਤ ਆਧਾਰ ਤੇ ਲੱਗੇ ਆਰ.ਟੀ.ਐਮ ਕਰਮਚਾਰੀਆਂ ਦੀ ਵਿਆਜ ਮੁਆਫ ਕਰਨਾ, ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ, ਕਲੈਰੀਕਲ ਭਰਤੀ ਕਰਨ ਆਦਿ ਮੰਗਾਂ ਜਿਨ੍ਹਾਂ ਚਿਰ ਲਾਗੂ ਨਹੀਂ ਕੀਤੀਆਂ ਜਾਂਦੀਆਂ, ਉਨੀ ਦੇਰ ਸੰਘਰਸ਼ ਜਾਰੀ ਰਹੇਗਾ। ਇਸ ਤੋਂ ਇਲਾਵਾ ਧਰਨੇ ਨੂੰ ਅਸ਼ਵਨੀ ਕੁਮਾਰ ਸਬ ਅਰਬਨ ਮੰਡਲ ਪ੍ਰਧਾਨ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਨੇ ਕਿਹਾ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਛੁੱਟੀ ਨੂੰ ਹੋਰ ਵਧਾਇਆ ਜਾ ਸਕਦਾ ਹੈ ਅਤੇ ਜ਼ੋਨ ਆਗੂ ਸਾਥੀ ਰਾਕੇਸ਼ ਦੱਤਾ ਨੇ ਸੰਬੋਧਨ ਕਰਦਿਆਂ ਸਾਥੀਆਂ/ਮੁਲਾਜ਼ਮਾਂ ਨੂੰ ਕਿਹਾ ਕਿ ਜੇਕਰ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਲੰਬਾ ਕੀਤਾ ਜਾ ਸਕਦਾ ਹੈ ਅਤੇ ਇਸ ਤੋਂ ਇਲਾਵਾ ਰੋਸ਼ਨ ਲਾਲ, ਕੁਲਜੀਤ ਸਿੰਘ, ਅਮੋਲਕ ਸਿੰਘ, ਬਲਵੰਤ ਸਿੰਘ, ਕਰਮਜੀਤ ਸਿੰਘ, ਸੁਨੀਲ ਕੁਮਾਰ, ਗੁਰਮੁੱਖ ਸਿੰਘ, ਰਾਕੇਸ਼ ਕੁਮਾਰ, ਰਨਬੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਨਿਕਲਣ ਵਾਲੇ ਸਿੱਟਿਆਂ ਦੀ ਜਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।

## ਐਲ.ਏ.ਡੀ.ਸੀ ਨੀਤੀ ਦੇ ਵਿਰੋਧ ਵਿਚ ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਵੱਲੋਂ ਭੁੱਖ ਹੜਤਾਲ ਜਾਰੀ



ਫ਼ਿਰੋਜ਼ਪੁਰ, 23 ਜੁਲਾਈ (ਮਨੋਹਰ ਲਾਲ) :— ਲੀਗਲ ਏਡ ਡਿਫੈਂਸ ਕੌਂਸਲ ਨੀਤੀ ਨੂੰ ਲਾਗੂ ਕਰਨ ਦੇ ਵਿਰੋਧ ਵਿੱਚ ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਵੱਲੋਂ ਵਿੱਢਿਆ ਗਿਆ ਅਨਿਸ਼ਚਿਤਕਾਲੀਨ ਪ੍ਰਦਰਸ਼ਨ ਪੂਰੇ ਜ਼ੋਰ ਸ਼ੋਰ ਨਾਲ ਜਾਰੀ ਹੈ। ਇਸੇ ਲੜੀ ਤਹਿਤ ਅੱਜ ਬਾਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਅਤੇ ਵਕੀਲਾਂ ਵੱਲੋਂ ਲੜੀਵਾਰ ਭੁੱਖ ਹੜਤਾਲ ਕੀਤੀ ਗਈ। ਇਹ ਕਦਮ ਜੁਆਇੰਟ ਐਕਸ਼ਨ ਕਮੇਟੀ ਆਫ਼ ਬਾਰ ਐਸੋਸੀਏਸ਼ਨਜ਼ ਆਫ਼ ਪੰਜਾਬ, ਹਰਿਆਣਾ ਅਤੇ ਯੂ.ਟੀ. ਚੰਡੀਗੜ੍ਹ ਦੇ ਸੱਦੇ ਤੇ ਚੁੱਕਿਆ ਗਿਆ ਹੈ। ਅੱਜ ਦੀ ਲੜੀਵਾਰ ਭੁੱਖ ਹੜਤਾਲ ਵਿੱਚ ਬਾਰ ਐਸੋਸੀਏਸ਼ਨ ਦੇ ਪ੍ਰਮੁੱਖ ਅਹੁਦੇਦਾਰਾਂ, ਸੀਨੀਅਰ ਮੈਂਬਰਾਂ ਅਤੇ ਸਵੈਛਿਕ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਅੱਜ ਭੁੱਖ ਹੜਤਾਲ ਚ ਬੈਠਣ ਵਾਲੇ ਵਕੀਲ ਸਾਥੀਆਂ ਵਿੱਚ ਐਡਵੋਕੇਟ ਅਮਿਤ ਸ਼ਰਮਾ, ਐਡਵੋਕੇਟ ਦਮਨਪ੍ਰੀਤ ਕੌਰ, ਐਡਵੋਕੇਟ ਜੁਗਰਾਜ ਧਮੀਜਾ, ਐਡਵੋਕੇਟ ਲਵਪ੍ਰੀਤ ਕੌਰ, ਐਡਵੋਕੇਟ ਸਿਮਰਨਜੀਤ ਸਿੰਘ ਖੋਸਾ, ਐਡਵੋਕੇਟ ਪ੍ਰਭਜੋਤ ਕੌਰ, ਐਡਵੋਕੇਟ ਕਰਨ ਪੁੱਗਲ, ਰਣਵਿਕ ਮਹਿਤਾ ਨੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਕਾਨੂੰਨੀ ਪੜ੍ਹਾਈ ਕਰ ਰਹੇ ਵਿਦਿਆਰਥੀ ਵੀ ਵਕੀਲਾਂ ਦੇ ਇਸ ਸੰਘਰਸ਼ ਦੇ ਸਮਰਥਨ ਵਿੱਚ ਅੱਗੇ ਆਏ ਹਨ। ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਵੱਲੋਂ ਇਨ੍ਹਾਂ ਸਾਰੇ ਸਾਥੀ ਵਕੀਲਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਐਲ.ਏ.ਡੀ.ਸੀ ਨੀਤੀ ਦੇ ਵਿਰੋਧ ਵਿੱਚ ਚੱਲ ਰਹੀ ਚੇਨ ਭੁੱਖ ਹੜਤਾਲ ਵਿੱਚ ਸ਼ਾਮਲ ਹੋ ਕੇ ਬਾਰ ਦੇ ਸੰਘਰਸ਼ ਨੂੰ ਹੋਰ ਮਜ਼ਬੂਤੀ ਬਖ਼ਸ਼ੀ ਹੈ। ਬਾਰ ਐਸੋਸੀਏਸ਼ਨ ਦੇ ਆਗੂਆਂ ਨੇ ਕਿਹਾ ਕਿ ਵਕੀਲਾਂ ਦੀ ਏਕਤਾ, ਦ੍ਰਿੜਤਾ ਅਤੇ ਸਮਰਪਣ ਇਸ ਲੜਾਈ ਨੂੰ ਨਵਾਂ ਹੌਸਲਾ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਇਹ ਨੀਤੀ ਵਾਪਸ ਨਹੀਂ ਲਈ ਜਾਂਦੀ, ਉਦੋਂ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਪੂਰੀ ਤਾਕਤ ਨਾਲ ਜਾਰੀ ਰਹੇਗਾ। ਇਸ ਮੌਕੇ ਤੇ ਸਤੀਸ਼ ਸਭਰਵਾਲ ਐਡਵੋਕੇਟ, ਅਸ਼ਵਨੀ ਕੁਮਾਰ ਢੀਂਗੜਾ ਐਡਵੋਕੇਟ, ਸੱਤਪਾਲ ਪਰਿੰਜਾ, ਮੋਹਨ ਸਿੰਘ ਐਡਵੋਕੇਟ, ਡਾਕਟਰ ਸੁਸ਼ੀਲ ਰਹੇਜਾ ਐਡਵੋਕੇਟ, ਅਸ਼ੋਕ ਰਹੇਜਾ, ਸਾਬਕਾ ਪ੍ਰਧਾਨ ਐਡਵੋਕੇਟ ਜਸਦੀਪ ਸਿੰਘ ਕੰਬੋਜ਼ ਨੇ ਬੋਲਦਿਆਂ ਕਿਹਾ ਕਿ ਸਰਕਾਰ ਵੱਲੋਂ ਪੜ੍ਹੀ—ਲਿਖੀ ਜਮਾਤ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਦਾ ਵਿਰੋਧ ਜਾਰੀ ਰਹੇਗਾ। ਇਸ ਮੌਕੇ ਤੇ ਲਵਜੀਤ ਪਾਲ ਸਿੰਘ ਟੂਰਨਾ ਪ੍ਰਧਾਨ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਜਦੋਂ ਤੱਕ ਸਾਡੀਆਂ ਇਹ ਮੰਗਾਂ ਨਾ ਮੰਨੀਆਂ ਗਈਆਂ ਤਾਂ ਅਸੀਂ ਇਸੇ ਤਰ੍ਹਾਂ ਹੀ ਭੁੱਖ ਹੜਤਾਲ ਤੇ ਬੈਠਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV



ਸਿਮਰਿ ਸਿਮਰਿ ਸੁਖੁ ਪਾਵਹੁ ਸਗਲੇ ਦੂਖ ਮਿਟਾਇ ॥
ਬੀਬੀ
ਸੁਰਿੰਦਰ ਕੌਰ ਵੱਲੀਆਂ
ਦੀ
ਛੇਵੀਂ ਬਰਸੀ
ਨੂੰ ਸਮਰਪਿਤ
ਗੁਰਦੁਆਰਾ ਪ੍ਰਊਪਕਾਰੀ
ਭਾਈ ਲੱਧਾ ਜੀ
ਪਿੰਡ ਵੱਲੀਆਂ ਵਿਖੇ
ਗੁਰਮਤਿ ਸਮਾਗਮ
ਅਤੇ
ਖੀਰ ਪੂੜਿਆਂ ਵਾਲਾ
ਜੋੜ ਮੇਲਾ
ਆਵਾਜ਼ਿ ਕੌਮ
AWAZE QAUM
International Newspaper & WEB TV
29
ਜੁਲਾਈ
ਦਿਨ ਬੁੱਧਵਾਰ
2026
ਮੁੱਖ ਸੇਵਾਦਾਰ
ਬਾਬਾ ਸਤਨਾਮ ਸਿੰਘ ਜੀ ਵੱਲੀਆਂ
ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ
9463427380 | 7527845340




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243